ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 11 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੨੮ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਥਾਣਾ ਮਜੀਠਾ ਐੱਫ. ਆਈ. ਆਰ.ਮਾਮਲੇ 'ਚ ਵੱਡਾ ਅਪਡੇਟ

**ਅੰਮ੍ਰਿਤਸਰ, 10 ਮਈ (ਆਵਾਜ਼ਿ ਕੌਮ ਬਿਊਰੋ)**-ਮਜੀਠਾ ਥਾਣੇ ਵਿਚ ਦਰਜ ਐੱਫਆਈਆਰ ਮਾਮਲੇ ਵਿਚ ਅਹਿਮ ਖਬਰ ਹੈ। ਬਿਕਰਮ ਮਜੀਠੀਆ ਦੇ ਵਕੀਲ ਬਿਕਰਮਜੀਤ ਬਾਠ ਨੂੰ ਨਿਰਦੋਸ਼ ਕਰਾਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਵੱਖ-ਵੱਖ ਧਾਰਾਵਾਂ ਤਹਿਤ ਦਰਜ ਐੱਫ. ਆਈ. ਆਰ. ਵਿੱਚੋਂ ਵੀ ਬਿਕਰਮਜੀਤ ਬਾਠ ਦਾ ਨਾਂ ਹਟਾ ਦਿੱਤਾ ਗਿਆ ਹੈ। ਦਰਅਸਲ ਐੱਫ. ਆਈ. ਆਰ. ਨੰਬਰ 91 ਦੇ ਮਾਮਲੇ 'ਚ ਬਣੀ ਪੁਲਸ ਦੀ 5 ਮੈਂਬਰੀ ਸਿਟ ਨੇ ਅੰਮ੍ਰਿਤਸਰ ਦੀ ਅਦਾਲਤ 'ਚ ਬਿਆਨ ਦਰਜ ਕਰਵਾ ਕੇ ਇਸ ਬਾਰੇ ਜਾਣਕਾਰੀ ਦਿੱਤੀ ਹੈ। ਜਿਸ ਵਿਚ ਦੱਸਿਆ ਗਿਆ ਹੈ ਕਿ ਸਿਟ ਨੇ ਜਾਂਚ ਦੌਰਾਨ ਬਿਕਰਮਜੀਤ ਸਿੰਘ ਬਾਠ ਨੂੰ ਨਿਰਦੋਸ਼ ਪਾਇਆ ਹੈ, ਜਿਸ ਦੇ ਚੱਲਦੇ ਐੱਫ. ਆਈ. ਆਰ. ਨੰਬਰ 91 ਵਿਚੋਂ ਉਨ੍ਹਾਂ ਦਾ ਨਾਮ ਹਟਾ ਦਿੱਤਾ ਗਿਆ ਹੈ। ਦੱਸਣਯੋਗ ਹੈ ਕਿ ਮਜੀਠਾ ਪੁਲਸ ਥਾਣੇ ਵਿਚ 31 ਮਈ ਨੂੰ ਕੇਸ ਦਰਜ ਕੀਤਾ ਗਿਆ ਸੀ ਜਿਸ ਵਿਚ ਬਿਕਰਮ ਸਿੰਘ ਮਜੀਠੀਆ ਤੋਂ ਇਲਾਵਾ ਉਨ੍ਹਾਂ ਦੇ ਕਈ ਨਜ਼ਦੀਕੀਆਂ ਅਤੇ ਸਮਰਥਕਾਂ ਜਿਨ੍ਹਾਂ ਵਿਚ ਬਿਕਰਮ ਸਿੰਘ ਬਾਠ, ਸਾਹਿਬ ਹਮਜ਼ਾ, ਰਾਜਾ ਲਾਡੇਹ ਅਤੇ ਜੋਧ ਸਿੰਘ ਸਮਰਾ ਸਣੇ ਕਈ ਹੋਰ ਅਣਪਛਾਤੇ ਵਿਅਕਤੀਆਂ ਨੂੰ ਕੇਸ ਵਿਚ ਨਾਮਜ਼ਦ ਕੀਤਾ ਗਿਆ ਸੀ। ਹੋਰ ਵੀ ਵਿਅਕਤੀਆਂ ਨੂੰ ਨਾਮਜ਼ਦ ਕੀਤਾ ਗਿਆ ਸੀ। ਆਖਿਆ ਜਾ ਰਿਹਾ ਸੀ ਕਿ ਬਿਕਰਮ ਸਿੰਘ ਬਾਠ ਬਤੌਰ ਵਕੀਲ ਮਜੀਠੀਆ ਦੇ ਨਾਲ ਗਏ ਸਨ, ਜਦਕਿ ਉਨ੍ਹਾਂ ਉਪਰ ਦਰਜ ਕੀਤਾ ਗਿਆ ਮਾਮਲਾ ਨਿਰਆਧਾਰ ਸੀ, ਜਿਸ ਦੇ ਵਿਰੋਧ ਵਿਚ ਅੰਮ੍ਰਿਤਸਰ ਦੇ ਸਮੂਹ ਵਕੀਲਾਂ ਨੇ ਵਿਰੋਧ ਕੀਤਾ ਸੀ।

## ਭਾਖੜਾ ਡੈਮ ਵਿੱਚ ਪਾਣੀ ਦਾ ਪੱਧਰ ਚੜ੍ਹਿਆ

# ਪੰਜਾਬ 'ਤੇ ਫਿਰ 'ਸਹਿਮ ਦੇ ਬੱਦਲ'

**ਚੰਡੀਗੜ੍ਹ, 10 ਜੂਨ (ਆਵਾਜ਼ਿ ਕੌਮ ਬਿਊਰੋ)**-ਭਾਖੜਾ ਬਿਆਸ ਪ੍ਰਬੰਧਕੀ ਬੋਰਡ (ਬੀਬੀਐੱਮਬੀ) ਨੇ ਪੰਜਾਬ, ਹਰਿਆਣਾ ਅਤੇ ਹੋਰ ਭਾਈਵਾਲ ਰਾਜਾਂ ਨੂੰ ਝੋਨੇ ਦੀ ਲਵਾਈ ਦੇ ਮੌਜੂਦਾ ਸੀਜ਼ਨ ਦੌਰਾਨ ਸਿੰਚਾਈ ਲਈ ਭਾਖੜਾ ਡੈਮ ਤੋਂ ਪਾਣੀ ਦੀ ਵਰਤੋਂ ਵਧਾਉਣ ਦੀ ਅਪੀਲ ਕੀਤੀ ਹੈ। ਸੂਤਰਾਂ ਅਨੁਸਾਰ ਇਹ ਫ਼ੈਸਲਾ ਬੋਰਡ ਦੇ ਮੁੱਖ ਦਫ਼ਤਰ ਚੰਡੀਗੜ੍ਹ ਵਿੱਚ ਹੋਈ ਤਕਨੀਕੀ ਕਮੇਟੀ ਦੀ ਮੀਟਿੰਗ ਦੌਰਾਨ ਲਿਆ ਗਿਆ। ਮੀਟਿੰਗ ਵਿੱਚ ਭਾਖੜਾ ਜਲ ਭੰਡਾਰ ਵਿੱਚ ਪਾਣੀ ਦੇ ਵਧੇ ਹੋਏ ਪੱਧਰ ਅਤੇ ਆਉਣ ਵਾਲੇ ਦਿਨਾਂ ਵਿੱਚ ਹਿਮਾਲਈ ਖੇਤਰਾਂ ਵਿੱਚ ਬਰਫ਼ ਪਿਘਲਣ ਅਤੇ ਮਾਨਸੂਨ ਦੀ ਆਮਦ ਕਾਰਨ ਪਾਣੀ ਦੇ ਹੋਰ ਵਾਧੇ ਦੀ ਸੰਭਾਵਨਾ 'ਤੇ ਵਿਚਾਰ ਕੀਤਾ ਗਿਆ। ਬੋਰਡ ਨੇ ਰਾਜਾਂ ਨੂੰ ਉਪਲਬਧ ਜਲ ਸਰੋਤਾਂ ਦੀ ਵੱਧ ਤੋਂ ਵੱਧ ਵਰਤੋਂ ਯਕੀਨੀ ਬਣਾਉਣ ਲਈ ਕਿਹਾ ਹੈ। ਅੰਕੜਿਆਂ ਅਨੁਸਾਰ 9 ਜੂਨ ਨੂੰ ਭਾਖੜਾ ਡੈਮ ਵਿੱਚ ਪਾਣੀ ਦਾ ਪੱਧਰ



1578.07 ਫੁੱਟ ਦਰਜ ਕੀਤਾ ਗਿਆ, ਜੋ ਪਿਛਲੇ ਸਾਲ ਇਸੇ ਮਿਆਦ ਦੌਰਾਨ ਦਰਜ 1556.60 ਫੁੱਟ ਨਾਲੋਂ 21.47 ਫੁੱਟ ਵੱਧ ਹੈ। ਇਹ ਪੱਧਰ ਇਸ ਸਮੇਂ ਦੀ ਲੰਬੇ ਅਰਸੇ ਦੀ ਔਸਤ 1543.72 ਫੁੱਟ ਨਾਲੋਂ ਵੀ ਕਾਫ਼ੀ ਉੱਚਾ ਹੈ। ਬੀਬੀਐੱਮਬੀ ਦੇ ਅਨੁਸਾਰ ਭਾਖੜਾ ਜਲ ਭੰਡਾਰ ਦੀ ਲਾਈਵ ਸਟੋਰੇਜ ਇਸ ਵੇਲੇ 31 ਫ਼ੀਸਦੀ ਤੱਕ ਭਰ ਚੁੱਕੀ ਹੈ, ਜਦਕਿ ਪਿਛਲੇ ਸਾਲ ਇਸੇ ਸਮੇਂ ਇਹ 22 ਫ਼ੀਸਦੀ ਅਤੇ ਲੰਬੇ ਸਮੇਂ ਦੀ ਔਸਤ 18 ਫ਼ੀਸਦੀ ਸੀ। ਅਧਿਕਾਰੀਆਂ ਨੇ ਦੱਸਿਆ ਕਿ ਡੈਮ ਇਸ ਵੇਲੇ ਆਪਣੇ ਪੂਰੇ ਜਲ ਪੱਧਰ ਤੋਂ ਕਰੀਬ 102 ਫੁੱਟ ਹੇਠਾਂ ਹੈ। ਮਾਨਸੂਨ ਦੌਰਾਨ ਸੰਭਾਵੀ ਵੱਧ ਪਾਣੀ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਜਲ ਭੰਡਾਰ ਵਿੱਚ ਖਾਲੀ ਸਮਰੱਥਾ ਬਣਾਈ ਰੱਖਣ ਲਈ ਰਾਜਾਂ ਨੂੰ ਪਾਣੀ ਦੀ ਨਿਕਾਸੀ ਅਤੇ ਵਰਤੋਂ ਵਧਾਉਣ ਦੀ ਸਲਾਹ ਦਿੱਤੀ ਗਈ ਹੈ। ਬੋਰਡ ਦੇ ਅਧਿਕਾਰੀਆਂ ਦਾ ਮੰਨਣਾ ਹੈ ਕਿ ਮੌਜੂਦਾ ਸਥਿਤੀ ਖੇਤੀਬਾੜੀ ਲਈ ਲਾਹੇਵੰਦ ਹੈ ਅਤੇ ਝੋਨੇ ਦੀ ਲਵਾਈ ਦੌਰਾਨ ਕਿਸਾਨਾਂ ਨੂੰ ਸਿੰਚਾਈ ਲਈ ਲੋੜੀਂਦਾ ਪਾਣੀ ਉਪਲਬਧ ਕਰਵਾਉਣ ਵਿੱਚ ਮਦਦਗਾਰ ਸਾਬਤ ਹੋਵੇਗੀ।

## ਪੰਜਾਬ ਯੂਨੀਵਰਸਿਟੀ 'ਚ ਪੰਜਾਬੀ ਭਾਸ਼ਾ ਨੂੰ ਕੀਤਾ ਜਾਵੇਗਾ ਪ੍ਰਫੁੱਲਤ, ਜਲਦ ਪੰਜਾਬੀ 'ਚ ਹੋਣਗੇ ਸਾਈਨ ਬੋਰਡ ਤੇ ਨੇਮ ਪਲੇਟਾਂ


**ਚੰਡੀਗੜ੍ਹ, 10 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿੱਚ ਛੇਤੀ ਹੀ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕੀਤੇ ਜਾਣ ਦਾ ਕਦਮ ਚੁੱਕਿਆ ਜਾ ਰਿਹਾ ਹੈ। ਯੂਨੀਵਰਸਿਟੀ 'ਚ ਛੇਤੀ ਹੀ ਸਾਰੇ ਸਾਈਨ ਬੋਰਡ ਤੇ ਨੇਮ ਪਲੇਟਾਂ ਮਾਂ ਬੋਲੀ ਪੰਜਾਬੀ ਵਿੱਚ ਵਿਖਾਈ ਦੇਣਗੇ। ਇਸ ਸਬੰਧੀ ਯੂਨੀਵਰਸਿਟੀ ਦੀ ਵਾਈਸ ਚਾਂਸਲਰ ਰੇਨੂੰ ਵਿੱਗ ਨੇ ਪੱਤਰ ਜਾਰੀ ਕੀਤਾ ਹੈ। ਵਾਈਸ ਚਾਂਸਲਰ ਵੱਲੋਂ ਇਹ ਹੁਕਮ GeM ਪੋਰਟਲ 'ਤੇ ਜਾਰੀ ਕੀਤੇ ਗਏ ਹਨ, ਜੋ ਕਿ ਉਪ ਰਾਸ਼ਟਰਪਤੀ ਦਫ਼ਤਰ ਤੋਂ ਮਿਲੇ ਪੱਤਰ ਉਪਰੰਤ ਹੋਈ ਕਾਰਵਾਈ ਕੀਤੀ ਗਈ ਹੈ। ਜਾਣਕਾਰੀ ਅਨੁਸਾਰ, ਇਹ ਫੈਸਲਾ ਉਦੋਂ ਆਇਆ ਹੈ ਜਦੋਂ ਵਿਦਿਆਰਥੀ ਸੰਗਠਨ "ਸਾਥ" ਨੇ ਵੱਖ-ਵੱਖ ਯੂਨੀਵਰਸਿਟੀ ਵਿਭਾਗਾਂ ਵਿੱਚ ਲਗਾਏ ਗਏ ਨਵੇਂ ਸਾਈਨ ਬੋਰਡਾਂ ਅਤੇ ਨੇਮ ਪਲੇਟਾਂ ਦਾ ਵਿਰੋਧ ਕੀਤਾ ਸੀ। ਇਨ੍ਹਾਂ ਸਾਈਨ ਬੋਰਡਾਂ ਵਿੱਚ ਹਿੰਦੀ, ਅੰਗਰੇਜ਼ੀ ਅਤੇ ਬ੍ਰੇਲ ਵਿੱਚ ਜਾਣਕਾਰੀ ਦਿੱਤੀ ਗਈ ਸੀ, ਪਰ ਪੰਜਾਬੀ ਸ਼ਾਮਲ ਨਹੀਂ ਸੀ। ਵਿਰੋਧ ਵਿੱਚ, ਵਿਦਿਆਰਥੀਆਂ ਨੇ



ਕੁਝ ਸਾਈਨ ਬੋਰਡਾਂ ਨੂੰ ਨੁਕਸਾਨ ਵੀ ਪਹੁੰਚਾਇਆ। ਇਸ ਤੋਂ ਬਾਅਦ, ਸ੍ਰੀ ਆਨੰਦਪੁਰ ਸਾਹਿਬ ਦੇ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਪੰਜਾਬ ਦੇ ਰਾਜਪਾਲ ਅਤੇ ਪੰਜਾਬ ਯੂਨੀਵਰਸਿਟੀ ਦੇ ਚਾਂਸਲਰ ਨੂੰ ਪੱਤਰ ਲਿਖ ਕੇ ਸਾਈਨ ਬੋਰਡਾਂ 'ਤੇ ਪੰਜਾਬੀ ਭਾਸ਼ਾ ਨੂੰ ਤੁਰੰਤ ਬਹਾਲ ਕਰਨ ਦੀ ਮੰਗ ਕੀਤੀ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਦਫ਼ਤਰ ਨੇ ਸੰਸਦ ਮੈਂਬਰ ਨੂੰ ਇੱਕ ਪੱਤਰ ਵਿੱਚ ਸੂਚਿਤ ਕੀਤਾ ਕਿ ਉਸਾਰੀ ਦਫ਼ਤਰ ਨੇ ਪੰਜਾਬੀ ਸਾਈਨ ਬੋਰਡਾਂ ਲਈ ਖਰੀਦ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਪੋਰਟਲ 'ਤੇ ਖਰੀਦ ਆਰਡਰ ਜਾਰੀ ਕਰ ਦਿੱਤਾ ਗਿਆ ਹੈ, ਅਤੇ ਜਲਦੀ ਹੀ ਨਵੇਂ ਬੋਰਡ ਲਗਾਏ ਜਾਣਗੇ। ਹਾਲਾਂਕਿ, ਇਸ ਵਿਵਾਦ ਦੌਰਾਨ, ਅਪਾਹਜ ਵਿਦਿਆਰਥੀਆਂ ਨੇ ਬੋਰਡਾਂ ਨੂੰ ਹੋਏ ਨੁਕਸਾਨ 'ਤੇ ਨਾਰਾਜ਼ਗੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਪੰਜਾਬੀ ਭਾਸ਼ਾ ਨੂੰ ਸ਼ਾਮਲ ਕਰਨ 'ਤੇ ਕੋਈ ਇਤਰਾਜ਼ ਨਹੀਂ ਹੈ, ਪਰ ਉਨ੍ਹਾਂ ਬੋਰਡਾਂ ਨੂੰ ਨੁਕਸਾਨ ਪਹੁੰਚਾਉਣਾ ਅਣਉਚਿਤ ਸੀ, ਜਿਨ੍ਹਾਂ ਵਿੱਚ ਬ੍ਰੇਲ ਵਿੱਚ ਜਾਣਕਾਰੀ ਵੀ ਹੈ।

## ਪੰਜਾਬ 'ਚ ਰੂਹ ਕੰਬਾਊ ਘਟਨਾ, 58 ਸਾਲਾ ਵਿਅਕਤੀ ਨੇ ਖੁਦ ਨੂੰ ਅੱਗ ਲਾ ਕੇ ਆਤਮ-ਹੱਤਿਆ ਕੀਤੀ, ਪਿੱਛੇ ਛੱਡਿਆ ਇੱਕ ਪੱਤਰ

**ਸੰਗਰੂਰ, 10 ਜੂਨ (ਆਵਾਜ਼ਿ ਕੌਮ ਬਿਊਰੋ)**-ਚੀਮਾ ਦੀ ਅਨਾਜ ਮੰਡੀ ਵਿੱਚ ਇੱਕ ਬੇਹੱਦ ਦਰਦਨਾਕ ਅਤੇ ਹੈਰਾਨੀਜਨਕ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਇੱਕ ਵਿਅਕਤੀ ਵੱਲੋਂ



ਆਪਣੇ ਹੀ ਪੀਟਰ ਰੇਹੜੇ ਵਿੱਚ ਖੁਦ ਨੂੰ ਅੱਗ ਲਗਾ ਕੇ ਆਤਮਦਾਹ (ਖੁਦਕੁਸ਼ੀ) ਕਰ ਲਈ ਗਈ। ਮ੍ਰਿਤਕ ਦੀ ਪਛਾਣ ਚੀਮਾ ਦੇ ਰਹਿਣ ਵਾਲੇ 58 ਸਾਲਾ ਨੈਬ ਸਿੰਘ ਵਜੋਂ ਹੋਈ ਹੈ, ਜੋ ਕਿ ਗੁਰਦੁਆਰਾ ਚੀਮਾ ਸਾਹਿਬ (ਸੰਤ ਅਤਰ ਸਿੰਘ ਜੀ ਦੇ ਜਨਮ ਅਸਥਾਨ) ਦੇ ਬਿਲਕੁਲ ਨੇੜੇ ਰਹਿੰਦੇ ਸਨ। ਡੀ.ਐਸ.ਪੀ. ਹਰਵਿੰਦਰ ਸਿੰਘ ਖਹਿਰਾ ਨੇ ਦੱਸਿਆ ਕਿ ਨੈਬ ਸਿੰਘ ਧਾਰਮਿਕ ਬਿਰਤੀ ਦੇ ਇਨਸਾਨ ਸਨ ਅਤੇ ਗੁਰਦੁਆਰਾ ਸਾਹਿਬ ਵਿਖੇ ਨਿਸ਼ਕਾਮ ਸੇਵਾ ਕਰਦੇ ਸਨ। ਇਹ ਪੀਟਰ ਰੇਹੜਾ ਵੀ ਉਨ੍ਹਾਂ ਨੇ ਨਗਰ ਦੀ ਸੇਵਾ (ਲੰਗਰ ਅਤੇ ਹੋਰ ਕਾਰਜਾਂ) ਲਈ ਰੱਖਿਆ ਹੋਇਆ ਸੀ। ਨੈਬ ਸਿੰਘ ਨੇ ਇੱਕ ਦਿਨ ਪਹਿਲਾਂ ਹੀ ਆਪਣੇ ਪੀਟਰ ਰੇਹੜੇ ਵਿੱਚ ਲੱਕੜਾਂ ਅਤੇ ਬਾਲੇ ਲੋਡ ਕਰ ਲਏ ਸਨ। ਉਨ੍ਹਾਂ ਨੇ ਦੱਸਿਆ ਕਿ ਅੱਜ ਸਵੇਰੇ ਕਰੀਬ 4:15 ਵਜੇ ਉਹ ਸਾਈਕਲ 'ਤੇ ਸਵਾਰ ਹੋ ਕੇ ਘਰੋਂ ਨਿਕਲੇ। ਉਨ੍ਹਾਂ ਨੇ ਚੀਮਾ ਬੱਸ ਸਟੈਂਡ ਨੇੜੇ ਸਥਿਤ ਨਿਹੰਗਾਂ ਦੀ ਛਾਉਣੀ ਕੋਲ ਆਪਣਾ ਸਾਈਕਲ ਖੜ੍ਹਾ ਕੀਤਾ ਅਤੇ ਉੱਥੋਂ ਪੀਟਰ ਰੇਹੜਾ ਲੈ ਕੇ ਅੱਗੇ ਚਲੇ ਗਏ। ਕਰੀਬ 4:30 ਤੋਂ 4:45 ਵਜੇ ਦੇ ਦਰਮਿਆਨ ਉਹ ਚੀਮਾ ਦੀ ਦਾਣਾ ਮੰਡੀ ਦੇ ਅੰਦਰ ਪਹੁੰਚੇ। ਸਵੇਰੇ ਕਰੀਬ 4:50 ਵਜੇ ਪੁਲਿਸ ਨੂੰ ਸੂਚਨਾ ਮਿਲੀ ਕਿ ਮੰਡੀ ਵਿੱਚ ਇੱਕ ਰੇਹੜਾ ਭਿਆਨਕ ਅੱਗ ਦੀ ਲਪੇਟ ਵਿੱਚ ਹੈ। ਜਦੋਂ ਪੁਲਿਸ ਅਤੇ ਫੋਰੈਂਸਿਕ ਟੀਮਾਂ ਮੌਕੇ 'ਤੇ ਪਹੁੰਚੀਆਂ ਤਾਂ ਨੈਬ ਸਿੰਘ ਦੀ ਮੌਤ ਹੋ ਚੁੱਕੀ ਸੀ। ਪੁਲਿਸ ਜਾਂਚ ਦੌਰਾਨ ਘਰ ਦੀ ਤਲਾਸ਼ੀ ਲੈਂਦੇ ਸਮੇਂ ਇੱਕ ਪੱਤਰ ਮਿਲਿਆ ਹੈ। ਇਸ ਵਿੱਚ ਨੈਬ ਸਿੰਘ ਨੇ ਖੁਦ ਲਿਖਿਆ ਸੀ ਕਿ ਉਹ ਸੰਸਕਾਰ ਲਈ ਲੋੜੀਂਦੀ ਸਮੱਗਰੀ (ਲੱਕੜਾਂ, ਤੇਲ, ਡੀਜ਼ਲ, ਪੈਟਰੋਲ ਅਤੇ ਘਿਓ) ਆਪਣੇ ਕੋਲ ਰੱਖ ਕੇ ਲੈ ਕੇ ਜਾ ਰਿਹਾ ਹੈ। ਇਸ ਦੇ ਨਾਲ ਹੀ ਪੱਤਰ ਵਿੱਚ ਇੱਕ ਰਿਸ਼ਤੇਦਾਰ ਨਾਲ ਪੈਸਿਆਂ ਦੇ ਲੈਣ-ਦੇਣ ਦਾ ਹਿਸਾਬ ਵੀ ਦਰਜ ਹੈ। ਮ੍ਰਿਤਕ ਦੀ ਦੇਹ ਕਾਫੀ ਹੱਦ ਤੱਕ ਸੜ ਚੁੱਕੀ ਸੀ, ਜਿਸ ਨੂੰ ਸ਼ਨਾਖਤ ਤੋਂ ਬਾਅਦ ਪੋਸਟਮਾਰਟਮ ਅਤੇ DNA ਟੈਸਟ ਲਈ ਸਿਵਲ ਹਸਪਤਾਲ ਸੁਨਾਮ ਵਿਖੇ ਭੇਜਿਆ ਗਿਆ ਹੈ। ਉਹਨਾਂ ਨੇ ਕਿਹਾ ਕਿ ਇਸ ਗੱਲ ਦੀ ਜਾਂਚ ਕੀਤੀ ਜਾ ਰਹੀ ਹੈ ਕਿ ਆਤਮਹੱਤਿਆ ਕੀਤੀ ਹ ਜਾਂ ਕੁਝ ਹੋਰ ਹੋਇਆ ਹੈ ਪਰ ਇਹ ਮਾਮਲਾ ਆਤਮਹੱਤਿਆ ਦਾ ਜਾਪਦਾ ਹੈ। ਮ੍ਰਿਤਕ ਦੀ ਪਤਨੀ ਨੇ ਦੱਸਿਆ ਕਿ ਉਹ ਪਿਛਲੇ 4-5 ਦਿਨਾਂ ਤੋਂ ਆਪਣੀ ਭੈਣ ਕੋਲ ਧਨੌਲਾ ਗਈ ਹੋਈ ਸੀ ਅਤੇ ਗੁਰਨੈਬ ਸਿੰਘ ਘਰ ਵਿੱਚ ਇਕੱਲੇ ਸਨ. ਉਨ੍ਹਾਂ ਮੁਤਾਬਕ ਪਰਿਵਾਰ ਵਿੱਚ ਕੋਈ ਵੀ ਲੜਾਈ-ਝਗੜਾ ਜਾਂ ਮਾਨਸਿਕ ਪਰੇਸ਼ਾਨੀ ਨਹੀਂ ਸੀ। ਪਰਿਵਾਰ ਦਾ ਇਕਲੌਤਾ ਪੁੱਤਰ, ਜੋ ਪੁਣੇ ਵਿਖੇ ਇੰਜੀਨੀਅਰ ਹੈ, ਉਸ ਦੇ ਘਰ ਪਹੁੰਚਣ ਤੋਂ ਬਾਅਦ ਹੀ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

## ਦੇਸ਼ 'ਚ ਫੈਲਿਆ ਨਵੇਂ ਵਾਇਰਸ ਦਾ ਖ਼ਤਰਾ, 101 ਮੌਤਾਂ ਤੋਂ ਬਾਅਦ ਮਚਿਆ ਹਾਹਾਕਾਰ; ਹਾਈ ਅਲਰਟ 'ਤੇ ਪ੍ਰਸ਼ਾਸਨ

**ਚੰਡੀਗੜ੍ਹ, 10 ਜੂਨ (ਆਵਾਜ਼ਿ ਕੌਮ ਬਿਊਰੋ)**-ਕੋਰੋਨਾ ਵਾਇਰਸ ਤੋਂ ਬਾਅਦ ਹੁਣ ਇੱਕ ਨਵੇਂ ਵਾਇਰਸ ਨੂੰ ਲੈ ਕੇ ਲੋਕਾਂ ਵਿਚਾਲੇ ਦਹਿਸ਼ਤ ਦਾ ਮਾਹੌਲ ਹੈ। ਦੱਸ ਦੇਈਏ ਕਿ ਡੈਮੋਕ੍ਰੇਟਿਕ ਰੀਪਬਲਿਕ ਆਫ਼ ਕਾਂਗੋ ਵਿੱਚ ਇਬੋਲਾ ਵਾਇਰਸ ਦਾ ਪ੍ਰਕੋਪ ਲਗਾਤਾਰ ਵਧਦਾ ਜਾ ਰਿਹਾ ਹੈ। ਸਿਹਤ ਅਧਿਕਾਰੀਆਂ ਦੇ ਤਾਜ਼ਾ ਅੰਕੜਿਆਂ ਅਨੁਸਾਰ ਦੇਸ਼ ਵਿੱਚ ਹੁਣ ਤੱਕ ਇਬੋਲਾ ਦੇ 550 ਮਾਮਲੇ ਸਾਹਮਣੇ ਆਏ ਹਨ, ਜਿਸ ਕਾਰਨ 101 ਮੌਤਾਂ ਹੋਈਆਂ ਹਨ। ਮਾਹਿਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਇਹ ਲਾਗ ਤੇਜ਼ੀ ਨਾਲ ਫੈਲ ਰਹੀ ਹੈ ਅਤੇ ਸਥਿਤੀ ਚਿੰਤਾ ਦਾ ਕਾਰਨ ਬਣੀ ਹੋਈ ਹੈ। ਇਸਦੇ ਨਾਲ ਸਿਹਤ ਵਿਭਾਗ ਦੀ ਇੱਕ ਰਿਪੋਰਟ ਮੁਤਾਬਕ ਐਤਵਾਰ ਨੂੰ ਪੂਰਬੀ ਪ੍ਰਾਂਤਾਂ ਇਟੂਰੀ ਅਤੇ ਉੱਤਰੀ ਕਿਵੂ ਵਿੱਚ




35 ਨਵੇਂ ਮਾਮਲੇ ਦਰਜ ਕੀਤੇ ਗਏ; ਇਨ੍ਹਾਂ ਵਿੱਚ 10 ਮੌਤਾਂ ਵੀ ਸ਼ਾਮਲ ਹਨ। ਹਾਲਾਂਕਿ, ਇਸ ਸਮੇਂ ਦੌਰਾਨ 7 ਮਰੀਜ਼ ਠੀਕ ਹੋ ਗਏ ਅਤੇ ਘਰ ਵਾਪਸ ਪਰਤੇ, ਜਿਸ ਨਾਲ ਠੀਕ ਹੋਣ ਵਾਲਿਆਂ ਦੀ ਕੁੱਲ ਗਿਣਤੀ 19 ਹੋ ਗਈ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਮਹਾਂਮਾਰੀ ਹਫ਼ਤੇ-ਦਰ-ਹਫ਼ਤੇ ਫੈਲਦੀ ਜਾ ਰਹੀ ਹੈ। ਐਤਵਾਰ ਤੱਕ ਕੁੱਲ 309 ਲੋਕਾਂ ਨੂੰ ਹਸਪਤਾਲਾਂ ਅਤੇ ਆਈਸੋਲੇਸ਼ਨ ਸੈਂਟਰਾਂ ਵਿੱਚ ਦਾਖਲ ਕਰਵਾਇਆ ਗਿਆ ਸੀ; ਇਨ੍ਹਾਂ ਵਿੱਚੋਂ 116 ਮਾਮਲਿਆਂ ਦੀ ਪੁਸ਼ਟੀ ਹੋਈ ਹੈ, ਜਦੋਂ ਕਿ 193 ਵਿਅਕਤੀ ਸ਼ੱਕੀ ਮਾਮਲਿਆਂ ਵਜੋਂ ਨਿਗਰਾਨੀ ਹੇਠ ਹਨ। ਜਾਣਕਾਰੀ ਲਈ ਦੱਸ ਦੇਈਏ ਕਿ ਲਾਗ ਦੇ ਫੈਲਾਅ ਨੂੰ ਰੋਕਣ ਲਈ ਸਿਹਤ ਵਿਭਾਗ ਉਨ੍ਹਾਂ ਵਿਅਕਤੀਆਂ ਦੀ ਪਛਾਣ ਅਤੇ ਨਿਗਰਾਨੀ ਕਰ ਰਿਹਾ ਹੈ ਜੋ ਸੰਕਰਮਿਤ ਵਿਅਕਤੀਆਂ ਦੇ ਸੰਪਰਕ ਵਿੱਚ ਆਏ ਹਨ। ਤਿੰਨ ਪ੍ਰਭਾਵਿਤ ਸੂਬਿਆਂ ਵਿੱਚ ਸੰਪਰਕ ਟਰੇਸਿੰਗ ਦਰ 64.4 ਪ੍ਰਤੀਸ਼ਤ ਤੱਕ ਵੱਧ ਗਈ ਹੈ। ਜਦੋਂ ਕਿ ਕੁੱਲ 5,418 ਲੋਕਾਂ ਨੂੰ ਨਿਗਰਾਨੀ ਸੂਚੀ ਵਿੱਚ ਰੱਖਿਆ ਗਿਆ ਸੀ, ਸਿਰਫ 3,489 ਦਾ ਪਤਾ ਲਗਾਇਆ ਜਾ ਸਕਿਆ - ਜੋ ਕਿ 95 ਪ੍ਰਤੀਸ਼ਤ ਟੀਚੇ ਤੋਂ ਬਹੁਤ ਘੱਟ ਹੈ। ਸੰਕਟ ਨੂੰ ਵਧਾਉਂਦੇ ਹੋਏ ਉੱਤਰੀ ਕੀਵੂ ਖੇਤਰ ਵਿੱਚ ਪ੍ਰਯੋਗਸ਼ਾਲਾਵਾਂ ਬਹੁਤ ਦਬਾਅ ਹੇਠ ਹਨ। ਰੀਐਜੈਂਟਸ ਦੀ ਘਾਟ ਕਾਰਨ, 183 ਨਮੂਨਿਆਂ ਦੇ ਟੈਸਟ ਨਤੀਜੇ ਲੰਬਿਤ ਹਨ, ਜਿਸ ਨਾਲ ਲਾਗ ਦੀ ਅਸਲ ਹੱਦ ਦਾ ਮੁਲਾਂਕਣ ਕਰਨਾ ਮੁਸ਼ਕਲ ਹੋ ਜਾਂਦਾ ਹੈ। ਦੱਸਣਯੋਗ ਹੈ ਕਿ ਇਬੋਲਾ ਫੈਲਣ ਦੀ ਅਧਿਕਾਰਤ ਘੋਸ਼ਣਾ 15 ਮਈ ਨੂੰ ਕੀਤੀ ਗਈ ਸੀ। ਇਹ ਲਾਗ ਇਬੋਲਾ ਵਾਇਰਸ ਦੇ ਬੁੰਡੀਬੁਗਯੋ ਸਟ੍ਰੇਨ ਕਾਰਨ ਹੁੰਦੀ ਹੈ। ਹਾਲਾਂਕਿ ਇਹ ਸਟ੍ਰੇਨ ਜ਼ੇਅਰ ਵੇਰੀਐਂਟ ਨਾਲੋਂ ਘੱਟ ਆਮ ਹੈ, ਫਿਰ ਵੀ ਇਹ ਗੰਭੀਰ ਬਿਮਾਰੀ ਅਤੇ ਮੌਤ ਦਾ ਖ਼ਤਰਾ ਪੈਦਾ ਕਰਦਾ ਹੈ। ਖਾਸ ਚਿੰਤਾ ਦਾ ਵਿਸ਼ਾ ਇਹ ਹੈ ਕਿ ਪ੍ਰਭਾਵਿਤ ਪ੍ਰਾਂਤਾਂ - ਇਟੂਰੀ, ਉੱਤਰੀ ਕੀਵੂ ਅਤੇ ਦੱਖਣੀ ਕੀਵੂ - ਦੀ ਸੰਯੁਕਤ ਆਬਾਦੀ ਲਗਭਗ 15 ਮਿਲੀਅਨ ਹੈ। ਸਿਹਤ ਮਾਹਿਰਾਂ ਦਾ ਮੰਨਣਾ ਹੈ ਕਿ ਜੇਕਰ ਪ੍ਰਭਾਵਸ਼ਾਲੀ ਨਿਯੰਤਰਣ ਉਪਾਅ ਤੁਰੰਤ ਲਾਗੂ ਨਹੀਂ ਕੀਤੇ ਗਏ, ਤਾਂ ਇਹ ਪ੍ਰਕੋਪ ਕਾਫ਼ੀ ਵੱਧ ਸਕਦਾ ਹੈ।

## ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ; ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ 541 ਸਿੱਖ ਜਥਾ ਪਾਕਿਸਤਾਨ ਲਈ ਰਵਾਨਾ



**ਅੰਮ੍ਰਿਤਸਰ, 10 ਮਈ (ਆਵਾਜ਼ਿ ਕੌਮ ਬਿਊਰੋ)**-ਸ਼ਹੀਦਾਂ ਦੇ ਸਿਰਤਾਜ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜੁਨ ਦੇਵ ਜੀ ਦਾ ਸ਼ਹੀਦੀ ਗੁਰਪੁਰਬ ਮਨਾਉਣ ਲਈ ਸ਼੍ਰੋਮਣੀ ਕਮੇਟੀ ਦੀ ਅਗਵਾਈ ਹੇਠ 541 ਸ਼ਰਧਾਲੂਆਂ ਦਾ ਜੱਥਾ ਸ਼੍ਰੋਮਣੀ ਕਮੇਟੀ ਦਫਤਰ ਤੋਂ ਖਾਲਸਾਈ ਜਾਹੋ ਜਲਾਲ ਨਾਲ ਰਵਾਨਾ ਕੀਤਾ ਗਿਆ। ਸ਼੍ਰੋਮਣੀ ਕਮੇਟੀ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ ਨੇ ਜੱਥਾ ਲੀਡਰ ਭੁਪਿੰਦਰ ਸਿੰਘ ਭਲਵਾਨ ਦੀ ਅਗਵਾਈ ਹੇਠ ਜਾ ਰਹੇ ਜੱਥੇ ਦੇ ਮੈਂਬਰਾਂ ਨੂੰ ਫੁੱਲਾਂ ਦੇ ਸਿਹਰੇ ਅਤੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਉ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਪੰਚਮ ਪਾਤਸ਼ਾਹ ਦੇ ਸ਼ਹੀਦੀ ਗੁਰਪੁਰਬ ਮੌਕੇ 14 ਸਾਲ ਬਾਅਦ ਪਾਕਿਸਤਾਨ ਜਾ ਰਹੇ ਜੱਥੇ ਦੇ ਮੈਂਬਰਾਂ ਨੇ ਪਾਕਿਸਤਾਨ ਸਥਿਤ ਸਿੱਖ ਕੌਮ ਤੋਂ ਵਿਛੜੇ ਪਾਵਨ ਪਵਿਤਰ ਗੁਰਧਾਮਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲਣ ਤੇ ਅਤਿਅੰਤ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਸ਼੍ਰੋਮਣੀ ਕਮੇਟੀ ਵਲੋਂ ਜੱਥੇ ਨੂੰ ਅਟਾਰੀ ਸਰਹੱਦ ਤੇ ਲਿਜਾਉਣ ਲਈ ਵਿਸ਼ੇਸ਼ ਬੱਸਾਂ ਦਾ ਅਤੇ ਲੰਗਰ ਪਾਣੀ ਦਾ ਪ੍ਰਬੰਧ ਕੀਤਾ ਗਿਆ, ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਦੀ ਇੱਕ ਟੀਮ ਵੀ ਜੱਥੇ ਨਾਲ ਰਵਾਨਾ ਕੀਤੀ ਗਈ ਤਾਂ ਜੋ ਸ਼ਰਧਾਲੂਆਂ ਨੂੰ ਕੋਈ ਪ੍ਰੇਸ਼ਾਨੀ ਨਾ ਝੱਲਣੀ ਪਵੇ। ਇਹ ਜੱਥਾ ਨਨਕਾਣਾ ਸਾਹਿਬ, ਪੰਜਾ ਸਾਹਿਬ, ਰੋੜੀ ਸਾਹਿਬ, ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਉਪਰੰਤ 18 ਜੂਨ ਨੂੰ ਲਾਹੌਰ ਵਿਖੇ ਗੁਰੂ ਅਰਜੁਨ ਦੇਵ ਜੀ ਦਾ ਸ਼ਹੀਦੀ ਗੁਰਪੁਰਬ ਮਨਾਉਣ ਉਪਰੰਤ 19 ਜੂਨ ਨੂੰ ਵਤਨ ਪਰਤੇਗਾ। ਜਿਕਰਯੋਗ ਹੈ ਕਿ ਸ਼੍ਰੋਮਣੀ ਕਮੇਟੀ ਵਲੋਂ 561 ਸ਼ਰਧਾਲੂਆਂ ਦੇ ਪਾਸਪੋਰਟ ਭੇਜੇ ਗਏ ਸਨ ਜਿਨ੍ਹਾਂ ਚੋ 20 ਵੀਜੇ ਕੱਟੇ ਗਏ ਤੇ 541 ਸ਼ਰਧਾਲੂਆਂ ਨੂੰ ਵੀਜੇ ਜਾਰੀ ਕੀਤੇ ਗਏ ਸਨ।







ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ


ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਬੁੜੈਲ ਜੇਲ੍ਹ ਅੰਦਰ ਜੂਨ 1984 ਘਲੂਘਾਰੇ ਦੇ

# ਸ਼ਹੀਦਾਂ ਦੀ ਯਾਦ 'ਚ ਅਰਦਾਸ, ਬੰਦੀ ਸਿੰਘ ਹੋਏ ਭਾਵੁਕ




**ਨਵੀਂ ਦਿੱਲੀ, 10 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਬੁੜੈਲ ਜੇਲ੍ਹ ਅੰਦਰ ਜੂਨ 1984 ਦੇ ਘਲੂਘਾਰੇ ਵਿੱਚ ਸ਼ਹੀਦ ਹੋਏ ਸਿੰਘਾਂ ਅਤੇ ਸਿੰਘਣੀਆਂ ਦੀ ਯਾਦ ਨੂੰ ਸਮਰਪਿਤ ਬੀਤੇ ਐਤਵਾਰ ਨੂੰ ਧਾਰਮਿਕ ਸਮਾਗਮ ਕਰਵਾਇਆ ਗਿਆ। ਮਿਲੀ ਜਾਣਕਾਰੀ ਅਨੁਸਾਰ ਇਹ ਸਮਾਗਮ ਬੰਦੀ ਸਿੰਘਾਂ, ਹੋਰ ਕੈਦੀਆਂ ਅਤੇ ਜੇਲ੍ਹ ਪ੍ਰਸ਼ਾਸ਼ਨ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ, ਜਿਸ ਦੌਰਾਨ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਸ੍ਰੀ ਜਪੁਜੀ ਸਾਹਿਬ, ਸ੍ਰੀ ਸੁਖਮਨੀ ਸਾਹਿਬ ਅਤੇ ਸ੍ਰੀ ਚੌਪਈ ਸਾਹਿਬ ਦੇ ਪਾਠ ਨਾਲ ਹੋਈ। ਇਸ ਉਪਰੰਤ ਕੀਰਤਨੀ ਦੀਵਾਨ ਸਜਾਇਆ ਗਿਆ, ਜਿਸ ਵਿੱਚ ਗੁਰਬਾਣੀ ਕੀਰਤਨ ਰਾਹੀਂ ਜੂਨ 1984 ਦੇ ਘਲੂਘਾਰੇ ਦੌਰਾਨ ਸ਼ਹੀਦ ਹੋਏ ਸਿੰਘਾਂ-ਸਿੰਘਣੀਆਂ ਨੂੰ ਯਾਦ ਕੀਤਾ ਗਿਆ। ਜੇਲ੍ਹ ਅੰਦਰ ਮੌਜੂਦ ਕੈਦੀਆਂ ਨੇ ਵੀ ਸਮਾਗਮ ਵਿੱਚ ਸ਼ਮੂਲੀਅਤ ਕਰਦਿਆਂ ਆਪਸੀ ਭਾਈਚਾਰੇ ਅਤੇ ਸਾਂਝ ਦਾ ਪ੍ਰਗਟਾਵਾ ਕੀਤਾ। ਸਮਾਗਮ ਦੌਰਾਨ ਜੂਨ 1984 ਦੀਆਂ ਘਟਨਾਵਾਂ ਨੂੰ ਯਾਦ ਕਰਦਿਆਂ ਕਈ ਬੰਦੀ ਸਿੰਘ ਭਾਵੁਕ ਨਜ਼ਰ ਆਏ। ਉਨ੍ਹਾਂ ਕਿਹਾ ਕਿ ਘਲੂਘਾਰਾ ਸਿੱਖ ਇਤਿਹਾਸ ਦਾ ਇੱਕ ਅਜਿਹਾ ਅਧਿਆਇ ਹੈ, ਜਿਸ ਦੀਆਂ ਯਾਦਾਂ ਅੱਜ ਵੀ ਮਨਾਂ ਨੂੰ ਝੰਜੋੜ ਦਿੰਦੀਆਂ ਹਨ। ਸ਼ਹੀਦ ਸਿੰਘਾਂ ਅਤੇ ਸਿੰਘਣੀਆਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਕਈਆਂ ਦੀਆਂ ਅੱਖਾਂ ਨਮ ਹੋ ਗਈਆਂ ਅਤੇ ਗੁਰੂ ਚਰਨਾਂ ਵਿੱਚ ਅਰਦਾਸ ਕੀਤੀ ਗਈ ਕਿ ਕੌਮ ਨੂੰ ਹਮੇਸ਼ਾ ਆਪਣੇ ਸ਼ਹੀਦਾਂ ਦੀ ਯਾਦ ਅਤੇ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜ ਕੇ ਰੱਖਿਆ ਜਾਵੇ। ਅੰਤ ਵਿੱਚ ਸਮੂਹ ਸ਼ਹੀਦਾਂ ਦੀ ਆਤਮਿਕ ਯਾਦ ਵਿੱਚ ਅਰਦਾਸ ਕੀਤੀ ਗਈ ਅਤੇ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ ਗਈ। ਸਮਾਗਮ ਵਿੱਚ ਹਾਜ਼ਰ ਬੰਦੀ ਸਿੰਘਾਂ ਨੇ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਸਿੱਖ ਕੌਮ ਦੀ ਅਮੁੱਲੀ ਵਿਰਾਸਤ ਹਨ, ਜਿਨ੍ਹਾਂ ਤੋਂ ਹਰ ਪੀੜ੍ਹੀ ਨੂੰ ਪ੍ਰੇਰਣਾ ਮਿਲਦੀ ਰਹੇਗੀ ਅਤੇ ਜਿਨ੍ਹਾਂ ਦੀ ਯਾਦ ਨੂੰ ਜਿਉਂਦਾ ਰੱਖਣਾ ਹਰ ਸਿੱਖ ਦਾ ਫਰਜ਼ ਹੈ। ਅੰਤ ਬੰਦੀ ਸਿੰਘਾਂ ਸਮੇਤ ਸਮੂਹ ਕੈਦੀਆਂ ਨੇ ਪ੍ਰੋਗਰਾਮ ਕਰਵਾਣ ਵਿਚ ਸਾਹਿਯੋਗ ਦੇਣ ਲਈ ਜੇਲ੍ਹ ਪ੍ਰਸ਼ਾਸ਼ਨ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

**ਸ਼ਹੀਦਾਂ ਦੀਆਂ ਕੁਰਬਾਨੀਆਂ ਸਿੱਖ ਕੌਮ ਦੀ ਹਨ ਅਮੁੱਲੀ ਵਿਰਾਸਤ, ਜਿਨ੍ਹਾਂ ਤੋਂ ਹਰ ਪੀੜ੍ਹੀ ਨੂੰ ਮਿਲਦੀ ਰਹੇਗੀ ਪ੍ਰੇਰਣਾ: ਬੰਦੀ ਸਿੰਘ**

### ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ ਦਿੜ੍ਹਬਾ ਵਿਖੇ ਨਸ਼ਿਆਂ ਦੀ ਰੋਕਥਾਮ ਸਬੰਧੀ ਸਮੀਖਿਆ ਮੀਟਿੰਗ

# ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਲਈ ਸਮਾਜ ਦੇ ਹਰ ਵਰਗ ਦਾ ਸਹਿਯੋਗ ਲਾਜ਼ਮੀ: ਹਰਪਾਲ ਸਿੰਘ ਚੀਮਾ



**ਦਿੜ੍ਹਬਾ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਅੱਜ ਅਟਵਾਲ ਪੈਲਸ, ਦਿੜ੍ਹਬਾ ਵਿਖੇ ਇੱਕ ਵਿਸ਼ੇਸ਼ ਸਮੀਖਿਆ ਮੀਟਿੰਗ ਕੈਬਨਿਟ ਮੰਤਰੀ ਸ੍ਰ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸ੍ਰ ਚੀਮਾ ਨੇ ਕਿਹਾ ਕਿ ਨਸ਼ਾ-ਮੁਕਤ ਪੰਜਾਬ ਦੀ ਸਿਰਜਣਾ ਸਿਰਫ਼ ਸਰਕਾਰ ਦੇ ਯਤਨਾਂ ਨਾਲ ਹੀ ਸੰਭਵ ਨਹੀਂ, ਸਗੋਂ ਇਸ ਲਈ ਸਮਾਜ ਦੇ ਹਰ ਵਰਗ ਦੇ ਸਰਗਰਮ ਸਹਿਯੋਗ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਸਰਪੰਚ, ਪੰਚ, ਡਿਫੈਂਸ ਕਮੇਟੀਆਂ, ਸਮਾਜਿਕ ਸੰਸਥਾਵਾਂ ਅਤੇ ਨੌਜਵਾਨ ਨਸ਼ਿਆਂ ਵਿਰੁੱਧ ਜੰਗ ਵਿੱਚ ਹੋਰ ਸਰਗਰਮ ਭੂਮਿਕਾ ਨਿਭਾਉਣ ਤਾਂ ਜੋ ਪੰਜਾਬ ਨੂੰ ਇਸ ਬੁਰਾਈ ਤੋਂ ਮੁਕਤ ਕੀਤਾ ਜਾ ਸਕੇ। ਸ੍ਰ ਚੀਮਾ ਨੇ ਦੱਸਿਆ ਕਿ ਨਸ਼ਾ ਤਸਕਰੀ ਨੂੰ ਰੋਕਣ ਲਈ ਪੰਜਾਬ ਪੁਲਿਸ ਨੂੰ ਆਧੁਨਿਕ ਐਂਟੀ-ਡ੍ਰੋਨ ਸਿਸਟਮ ਮੁਹੱਈਆ ਕਰਵਾਇਆ ਗਿਆ ਹੈ, ਜਿਸ ਨਾਲ ਸਰਹੱਦੀ ਖੇਤਰਾਂ ਰਾਹੀਂ ਡਰੋਨਾਂ ਦੁਆਰਾ ਕੀਤੀ ਜਾ ਰਹੀ ਨਸ਼ਿਆਂ ਦੀ ਤਸਕਰੀ 'ਤੇ ਪ੍ਰਭਾਵਸ਼ਾਲੀ ਰੋਕ ਲਗਾਈ ਜਾ ਰਹੀ ਹੈ। ਇਸ ਤੋਂ ਇਲਾਵਾ ਨਸ਼ਿਆਂ ਦੀ ਸਪਲਾਈ ਚੇਨ ਨੂੰ ਤੋੜਨ ਲਈ ਵੱਡੇ ਪੱਧਰ 'ਤੇ ਕਾਰਵਾਈ ਕੀਤੀ ਜਾ ਰਹੀ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਹੁਣ ਤੱਕ ਨਸ਼ਿਆਂ ਸਬੰਧੀ 12 ਹਜ਼ਾਰ ਤੋਂ ਵੱਧ ਸ਼ਿਕਾਇਤਾਂ ਪ੍ਰਾਪਤ ਹੋ ਚੁੱਕੀਆਂ ਹਨ, ਜਦਕਿ 2500 ਤੋਂ ਵੱਧ ਨਸ਼ਾ ਪੀੜਤ ਵਿਅਕਤੀਆਂ ਸਬੰਧੀ ਸੂਚਨਾਵਾਂ ਮਿਲੀਆਂ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਸਦਕਾ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਹੁਣ ਤੱਕ 60 ਹਜ਼ਾਰ ਤੋਂ ਵੱਧ ਵਿਅਕਤੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾ ਚੁੱਕੀ ਹੈ। ਸ੍ਰ ਚੀਮਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਾ ਪੀੜਤਾਂ ਦੇ ਇਲਾਜ ਅਤੇ ਮੁੜ ਵਸੇਬੇ ਲਈ ਵੀ ਵੱਡੇ ਪੱਧਰ 'ਤੇ ਕੰਮ ਕੀਤਾ ਜਾ ਰਿਹਾ ਹੈ। ਇਸ ਤਹਿਤ 90 ਹਜ਼ਾਰ ਤੋਂ ਵੱਧ ਨਸ਼ਾ ਪ੍ਰਭਾਵਿਤ ਵਿਅਕਤੀਆਂ ਦਾ ਇਲਾਜ ਕਰਵਾ ਕੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਦੇ ਯਤਨ ਕੀਤੇ ਗਏ ਹਨ। ਸ੍ਰ ਚੀਮਾ ਨੇ ਕਿਹਾ ਕਿ ਨਸ਼ਾ ਸਿਰਫ਼ ਇੱਕ ਵਿਅਕਤੀ ਨੂੰ ਹੀ ਨਹੀਂ, ਸਗੋਂ ਪੂਰੇ ਪਰਿਵਾਰ ਅਤੇ ਸਮਾਜ ਨੂੰ ਪ੍ਰਭਾਵਿਤ ਕਰਦਾ ਹੈ। ਇਸ ਲਈ ਨਸ਼ਾ ਪੀੜਤ ਵਿਅਕਤੀਆਂ ਨੂੰ ਸਮਾਜ ਤੋਂ ਦੂਰ ਕਰਨ ਦੀ ਬਜਾਏ ਪਿਆਰ, ਹਮਦਰਦੀ ਅਤੇ ਸਹਿਯੋਗ ਨਾਲ ਮੁੜ ਸਧਾਰਨ ਜੀਵਨ ਵੱਲ ਲਿਆਉਣ ਦੀ ਲੋੜ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਾ ਪੀੜਤ ਵਿਅਕਤੀਆਂ ਨੂੰ ਇਲਾਜ ਅਤੇ ਮੁੜ ਵਸੇਬਾ ਸੇਵਾਵਾਂ ਨਾਲ ਜੋੜਨ ਵਿੱਚ ਸਹਿਯੋਗ ਦਿੱਤਾ ਜਾਵੇ। ਉਨ੍ਹਾਂ ਨੇ ਕਿਹਾ ਕਿ ਪੰਜਾਬ ਦਾ ਇਤਿਹਾਸ ਰਿਹਾ ਹੈ ਕਿ ਪੰਜਾਬ ਨੇ ਹਰ ਮਾੜੀ ਅਲਾਮਤ ਦਾ ਡਟ ਕੇ ਮੁਕਾਬਲਾ ਕੀਤਾ ਹੈ ਅਤੇ ਜਿੱਤ ਹਾਸਲ ਕੀਤੀ ਹੈ। ਇਸੇ ਤਰ੍ਹਾਂ ਪੰਜਾਬ ਨਸ਼ਿਆਂ ਰੂਪੀ ਅਲਾਮਤ ਨੂੰ ਵੀ ਜੜ੍ਹੋਂ ਖਤਮ ਕਰਕੇ ਵਿਕਾਸ ਅਤੇ ਤਰੱਕੀ ਦੀਆਂ ਨਵੀਆਂ ਬੁਲੰਦੀਆਂ ਨੂੰ ਛੂਹੇਗਾ। ਕੈਬਨਿਟ ਮੰਤਰੀ ਨੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਖੇਡਾਂ ਨਸ਼ਿਆਂ ਖ਼ਿਲਾਫ਼ ਸਭ ਤੋਂ ਪ੍ਰਭਾਵਸ਼ਾਲੀ ਹਥਿਆਰ ਹਨ। ਇਸੇ ਮੰਤਵ ਨਾਲ ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਵੱਡੀ ਗਿਣਤੀ ਵਿੱਚ ਖੇਡ ਸਟੇਡੀਅਮਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਦਿੜ੍ਹਬਾ ਹਲਕੇ ਦੇ ਕਈ ਖਿਡਾਰੀ ਕੌਮਾਂਤਰੀ ਪੱਧਰ 'ਤੇ ਮੈਡਲ ਜਿੱਤ ਕੇ ਦੇਸ਼ ਅਤੇ ਪੰਜਾਬ ਦਾ ਨਾਮ ਰੌਸ਼ਨ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਹਲਕਾ ਦਿੜ੍ਹਬਾ ਦੇ ਵੱਖ-ਵੱਖ ਪਿੰਡਾਂ ਵਿੱਚ ਕਰੋੜਾਂ ਰੁਪਏ ਦੀ ਲਾਗਤ ਨਾਲ ਆਧੁਨਿਕ ਖੇਡ ਸਟੇਡੀਅਮਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ, ਜਿਸ ਨਾਲ ਇਲਾਕੇ ਦੇ ਨੌਜਵਾਨਾਂ ਨੂੰ ਖੇਡਾਂ ਲਈ ਬਿਹਤਰ ਸਹੂਲਤਾਂ ਪ੍ਰਾਪਤ ਹੋਣਗੀਆਂ। ਸ੍ਰ ਚੀਮਾ ਨੇ ਪਿੰਡਾਂ ਦੇ ਚੁਣੇ ਹੋਏ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਨੌਜਵਾਨਾਂ ਨੂੰ ਖੇਡਾਂ, ਸਿੱਖਿਆ, ਰੋਜ਼ਗਾਰ ਅਤੇ ਹੋਰ ਉਸਾਰੂ ਗਤੀਵਿਧੀਆਂ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕਰਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਖੇਤਰ ਵਿੱਚ ਨਸ਼ਿਆਂ ਦੀ ਵਿਕਰੀ ਜਾਂ ਤਸਕਰੀ ਸਬੰਧੀ ਕੋਈ ਜਾਣਕਾਰੀ ਮਿਲਦੀ ਹੈ ਤਾਂ ਉਸ ਨੂੰ ਤੁਰੰਤ ਪੁਲਿਸ ਅਤੇ ਪ੍ਰਸ਼ਾਸਨ ਨਾਲ ਸਾਂਝਾ ਕੀਤਾ ਜਾਵੇ। ਮੀਟਿੰਗ ਦੌਰਾਨ ਹਾਜ਼ਰੀਨ ਵੱਲੋਂ ਆਪਣੇ ਖੇਤਰਾਂ ਵਿੱਚ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ ਅਤੇ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਸੁਝਾਅ ਵੀ ਦਿੱਤੇ ਗਏ। ਇਸ ਮੌਕੇ ਨਸ਼ਿਆਂ ਦੀ ਰੋਕਥਾਮ ਲਈ ਬਣਾਈਆਂ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਸ਼ਨਾਖ਼ਤੀ ਕਾਰਡ ਵੀ ਦਿੱਤੇ ਗਏ। ਇਸ ਮੌਕੇ ਕੈਬਨਿਟ ਮੰਤਰੀ ਸ੍ਰ ਹਰਪਾਲ ਸਿੰਘ ਚੀਮਾ ਦੇ ਓ.ਐਸ.ਡੀ. ਤਪਿੰਦਰ ਸਿੰਘ ਸੋਹੀ, ਨਗਰ ਸੁਧਾਰ ਟਰਸਟ ਸੰਗਰੂਰ ਦੇ ਚੇਅਰਮੈਨ ਪ੍ਰੀਤਮ ਸਿੰਘ ਪੀਤੂ, ਮਾਰਕੀਟ ਕਮੇਟੀ ਦਿੜ੍ਹਬਾ ਦੀ ਚੇਅਰਪਰਸਨ ਜਸਵੀਰ ਕੌਰ ਸ਼ੇਰਗਿੱਲ, ਮਾਰਕੀਟ ਕਮੇਟੀ ਸੂਲਰ ਘਰਾਟ ਦੇ ਚੇਅਰਮੈਨ ਹਰਵਿੰਦਰ ਸਿੰਘ ਛਾਜਲੀ, ਐਸ.ਡੀ.ਐਮ. ਦਿੜ੍ਹਬਾ ਸ਼੍ਰੀ ਤਰਸੇਮ ਚੰਦ, ਡੀ.ਐਸ.ਪੀ. ਦਿੜ੍ਹਬਾ ਡਾ. ਰੁਪਿੰਦਰ ਕੌਰ ਸਮੇਤ ਵਿਭਾਗਾਂ ਦੇ ਅਧਿਕਾਰੀ, ਸਰਪੰਚ, ਪੰਚ, ਡਿਫੈਂਸ ਕਮੇਟੀਆਂ ਦੇ ਮੈਂਬਰ, ਸਮਾਜਿਕ ਆਗੂ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਰਾਜੌਰੀ ਗਾਰਡਨ ਗੁਰਦੁਆਰਾ ਸਾਹਿਬ ਵਿਖੇ ਗੁਰਮਤਿ ਕੈਂਪ ਨੂੰ ਲੈ ਕੇ ਬੱਚਿਆਂ ਵਿੱਚ ਭਾਰੀ ਉਤਸ਼ਾਹ



**ਨਵੀਂ ਦਿੱਲੀ, 10 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰਾਜੌਰੀ ਗਾਰਡਨ ਵਿਖੇ ਪਿਛਲੇ 26 ਸਾਲਾਂ ਤੋਂ ਬੱਚਿਆਂ ਦੀਆਂ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਗੁਰਮਤਿ ਕੈਂਪ ਦਾ ਆਯੋਜਨ ਪ੍ਰਬੰਧਕ ਕਮੇਟੀ ਵੱਲੋਂ ਬੀਬੀ ਹਰਜੀਤ ਕੌਰ ਅਤੇ ਉਨ੍ਹਾਂ ਦੀ ਟੀਮ ਦੇ ਸਹਿਯੋਗ ਨਾਲ ਕੀਤਾ ਜਾਂਦਾ ਹੈ। ਇਸ ਕੈਂਪ ਵਿੱਚ ਬੱਚਿਆਂ ਨੂੰ ਆਪਣੀ ਮਾਤ ਭਾਸ਼ਾ ਪੰਜਾਬੀ ਨਾਲ ਜੋੜਨ ਲਈ ਵਿਸ਼ੇਸ਼ ਸਿੱਖਿਆ ਦਿੱਤੀ ਜਾਂਦੀ ਹੈ। ਇਸ ਦੇ ਨਾਲ ਹੀ ਗੁਰੂ ਸਾਹਿਬਾਨ ਦੇ ਜੀਵਨ ਇਤਿਹਾਸ, ਗੁਰਮਤਿ ਸਿਧਾਂਤਾਂ ਅਤੇ ਸਿੱਖੀ ਦੀਆਂ ਮੁੱਢਲੀਆਂ ਸਿੱਖਿਆਵਾਂ ਬਾਰੇ ਵੀ ਜਾਣਕਾਰੀ ਦਿੱਤੀ ਜਾਂਦੀ ਹੈ। ਜੋ ਬੱਚੇ ਗੁਰਬਾਣੀ ਕੀਰਤਨ ਸਿੱਖਣ ਦੇ ਇੱਛੁਕ ਹੁੰਦੇ ਹਨ, ਉਨ੍ਹਾਂ ਨੂੰ ਕੀਰਤਨ ਦੀ ਵਿਸ਼ੇਸ਼ ਸਿਖਲਾਈ ਦਿੱਤੀ ਜਾਂਦੀ ਹੈ। ਇਸ ਤੋਂ ਇਲਾਵਾ ਵੱਡੀ ਉਮਰ ਦੇ ਬੱਚਿਆਂ ਲਈ ਦਸਤਾਰ ਸਿਖਲਾਈ ਦੀਆਂ ਖਾਸ ਕਲਾਸਾਂ ਵੀ ਲਗਾਈਆਂ ਜਾਂਦੀਆਂ ਹਨ, ਜਿਨ੍ਹਾਂ ਵਿੱਚ ਬੱਚਿਆਂ ਨੂੰ ਸੁੰਦਰ ਦਸਤਾਰ ਸਜਾਉਣ ਦੀ ਕਲਾ ਸਿਖਾਈ ਜਾਂਦੀ ਹੈ। ਕੈਂਪ ਦੌਰਾਨ ਦਸਤਾਰ ਮੁਕਾਬਲੇ ਵੀ ਕਰਵਾਏ ਜਾਂਦੇ ਹਨ ਅਤੇ ਵਧੀਆ ਦਸਤਾਰ ਸਜਾਉਣ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਜਾਂਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਹਰਮਨਜੀਤ ਸਿੰਘ ਅਤੇ ਜਨਰਲ ਸਕੱਤਰ ਮਨਜੀਤ ਸਿੰਘ ਖੰਨਾ ਨੇ ਦੱਸਿਆ ਕਿ ਭਾਵੇਂ ਪਿਛਲੇ 26 ਸਾਲਾਂ ਤੋਂ ਇਹ ਕਲਾਸਾਂ ਨਿਯਮਿਤ ਤੌਰ 'ਤੇ ਚੱਲ ਰਹੀਆਂ ਹਨ, ਪਰ ਜਦੋਂ ਤੋਂ ਉਨ੍ਹਾਂ ਦੀ ਕਮੇਟੀ ਨੇ ਕਾਰਜਭਾਰ ਸੰਭਾਲਿਆ ਹੈ, ਤਦੋਂ ਤੋਂ ਵਿਸ਼ੇਸ਼ ਯਤਨ ਕਰਕੇ ਵੱਧ ਤੋਂ ਵੱਧ ਬੱਚਿਆਂ ਨੂੰ ਗੁਰਮਤਿ ਕੈਂਪ ਨਾਲ ਜੋੜਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਸ਼ਾਮਲ ਹੋਣ ਵਾਲੇ ਬੱਚਿਆਂ ਲਈ ਹਰ ਰੋਜ਼ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਕਾ ਲੰਗਰ ਵੀ ਲਗਾਇਆ ਜਾਂਦਾ ਹੈ। ਇਸ ਤੋਂ ਇਲਾਵਾ ਕੈਂਪ ਦੀ ਸਮਾਪਤੀ ਮੌਕੇ ਬੱਚਿਆਂ ਨੂੰ ਇਨਾਮ ਅਤੇ ਸਨਮਾਨ ਦੇ ਕੇ ਉਤਸ਼ਾਹਿਤ ਕੀਤਾ ਜਾਂਦਾ ਹੈ, ਜਿਸ ਕਾਰਨ ਬੱਚੇ ਬਹੁਤ ਉਤਸ਼ਾਹ ਨਾਲ ਗੁਰਮਤਿ ਕੈਂਪ ਵਿੱਚ ਭਾਗ ਲੈਂਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਗੁਰਦੁਆਰਾ ਸਾਹਿਬ ਕਮੇਟੀ ਦੀ ਇਕੱਲੀ ਮਹਿਲਾ ਅਹੁਦੇਦਾਰ ਪਰਵਿੰਦਰ ਕੌਰ ਅਤੇ ਮੈਨੇਜਰ ਹਰਜੀਤ ਸਿੰਘ ਵੱਲੋਂ ਬੱਚਿਆਂ ਦੀਆਂ ਸਹੂਲਤਾਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾਂਦਾ ਹੈ, ਤਾਂ ਜੋ ਕੈਂਪ ਦੌਰਾਨ ਕਿਸੇ ਵੀ ਬੱਚੇ ਨੂੰ ਕਿਸੇ ਤਰ੍ਹਾਂ ਦੀ ਕੋਈ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤੇ ਜਾ ਰਹੇ ਇਹ ਉਪਰਾਲੇ ਬੱਚਿਆਂ ਨੂੰ ਗੁਰਮਤਿ, ਪੰਜਾਬੀ ਭਾਸ਼ਾ ਅਤੇ ਸਿੱਖ ਵਿਰਾਸਤ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਦੋ ਪਹੀਆ ਜਾਂ ਚਾਰ ਪਹੀਆ ਵਾਹਨ ਦੇਣ ਤੋਂ ਗੁਰੇਜ਼ ਕਰਨ ਮਾਪੇ: ਜਸਪ੍ਰੀਤ ਸਿੰਘ ਕਰਮਸਰ ਨੇ ਕੀਤੀ ਅਪੀਲ



ਨਵੀਂ ਦਿੱਲੀ, 10 ਜੂਨ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਸਮੁੱਚੇ ਦੇਸ਼ ਭਰ ਦੇ ਖਾਸ ਤੌਰ 'ਤੇ ਦਿੱਲੀ ਵਿਚ ਬੱਚਿਆਂ ਦੇ ਮਾਤਾ-ਪਿਤਾ ਨੂੰ ਅਪੀਲ ਕੀਤੀ ਹੈ ਕਿ ਉਹ 18 ਸਾਲ ਦੀ ਉਮਰ ਦਾ ਬਾਲਗ ਹੋਣ ਤੱਕ ਆਪਣੇ ਬੱਚਿਆਂ ਨੂੰ ਦੋ ਪਹੀਆ ਜਾਂ ਚਾਰ ਪਹੀਆ ਵਾਹਨ ਦੇਣ ਤੋਂ ਗੁਰੇਜ਼ ਕਰਨ। ਇਥੇ ਜਾਰੀ ਕੀਤੀ ਇਕ ਅਪੀਲ ਵਿਚ ਸਰਦਾਰ ਕਰਮਸਰ ਨੇ ਕਿਹਾ ਕਿ ਅਜਿਹਾ ਵੇਖਣ ਵਿਚ ਆਇਆ ਹੈ ਕਿ ਅੱਜ ਕੱਲ੍ਹ 10ਵੀਂ ਤੋਂ 12ਵੀਂ ਤੱਕ ਪੜ੍ਹਦੇ ਬੱਚਿਆਂ ਦੇ ਸਕੂਲ ਜਾਂ ਟਿਊਸ਼ਨ ਜਾਂ ਕੋਚਿੰਗ ਕਲਾਸਾਂ ਤੱਕ ਆਉਣ ਜਾਣ ਵਾਸਤੇ ਮਾਪੇ ਦੋ ਪਹੀਆ ਜਾਂ ਚਾਰ ਮਹੀਨਾ ਵਾਹਨ ਆਮ ਹੀ ਦੇ ਦਿੰਦੇ ਹਨ। ਉਹਨਾਂ ਕਿਹਾ ਕਿ ਭਾਰਤੀ ਕਾਨੂੰਨ ਮੁਤਾਬਕ 18 ਸਾਲ ਦੀ ਉਮਰ ਦਾ ਬਾਲਗ ਹੋਣ ਤੱਕ ਕੋਈ ਵੀ ਵਿਦਿਆਰਥੀ ਅਜਿਹੇ ਵਾਹਨ ਨਹੀਂ ਚਲਾ ਸਕਦਾ। ਉਹਨਾਂ ਕਿਹਾ ਕਿ ਸਮਾਜ ਵਿਚ ਬਾਕੀ ਨਾਗਰਿਕਾਂ ਦੀ ਸੁਰੱਖਿਆ ਵਾਸਤੇ ਜ਼ਰੂਰੀ ਹੈ ਕਿ ਅਸੀਂ ਵੀ ਕਾਨੂੰਨ ਦੀ ਪਾਲਣਾ ਕਰੀਏ। ਸਰਦਾਰ ਕਰਮਸਰ ਨੇ ਕਿਹਾ ਕਿ ਇਕ ਛੋਟੀ ਜਿਹੀ ਗਲਤੀ ਪਰਿਵਾਰ ਨੂੰ ਵੱਡੀ ਮੁਸੀਬਤ ਵਿੱਚ ਪਾ ਸਕਦੀ ਹੈ, ਕਿਉਂਕਿ ਕਾਨੂੰਨ ਇਸ ਮਾਮਲੇ ਵਿੱਚ ਬਹੁਤ ਸਖ਼ਤ ਹੈ। ਉਹਨਾਂ ਕਿਹਾ ਕਿ ਸਾਡੀ ਸਾਰੇ ਮਾਤਾ-ਪਿਤਾ ਨੂੰ ਸਨਿਮਰ ਬੇਨਤੀ ਹੈ ਕਿ ਬੱਚਿਆਂ ਨੂੰ ਵਾਹਨ ਦੇਣ ਤੋਂ ਗੁਰੇਜ਼ ਕਰੋ। ਦਿੱਲੀ ਵਿੱਚ ਜਿੱਥੇ ਵੀ ਕੋਈ ਦੁੱਖ-ਸੁੱਖ ਜਾਂ ਅਣਹੋਣੀ ਘਟਨਾ ਹੁੰਦੀ ਹੈ, ਅਸੀਂ ਹਮੇਸ਼ਾ ਪਰਿਵਾਰਾਂ ਦੇ ਨਾਲ ਖੜ੍ਹੇ ਹਾਂ ਤੇ ਹਮੇਸ਼ਾ ਖੜ੍ਹੇ ਰਹਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਤੀਸਰੇ ਘੱਲੂਘਾਰੇ 42 ਵੇ ਸਹੀਦੀ ਸਮਾਗਮ ਨੂੰ ਸਮਰਪਿਤ ਪੀ ਬੀ ਐਸ ਸ਼ੌਪਿੰਗ ਮੌਲ ਚੌਕ ਮਹਿਤਾ ਵਾਲਿਆਂ ਲਗਾਈਂ ਛਬੀਲ




**ਚੌਕ ਮਹਿਤਾ, 10 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੀ ਬੀ ਐਸ ਸ਼ੌਪਿੰਗ ਮੌਲ ਚੌਕ ਮਹਿਤਾ ਦੇ ਮਾਲਕ ਬਲਕਾਰ ਸਿੰਘ ਬਾਠ, ਪਰਮਜੀਤ ਸਿੰਘ ਬਾਠ, ਸਤਨਾਮ ਸਿੰਘ ਬਾਠ ਨੇ ਤੀਸਰੇ ਘੱਲੂਘਾਰੇ ਦੇ 42 ਵੇ ਸਹੀਦੀ ਸਮਾਗਮ ਨੂੰ ਸਮਰਪਿਤ ਸਵੇਰ ਤੋਂ ਸ਼ਾਮ ਤੱਕ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਅਤੇ ਨਾਲ ਪ੍ਰਸ਼ਾਦਿ ਤਿਆਰ ਕਰਕੇ ਵਰਤਿਆ ਗਿਆ ।ਹਰ ਸਾਲ ਪੀ ਬੀ ਐਸ ਸ਼ੌਪਿੰਗ ਮੌਲ ਚੌਕ ਮਹਿਤਾ ਵਾਲੇ ਸ਼ਹੀਦਾਂ ਸਿੰਘਾਂ ਦੀ ਯਾਦ ਵਿੱਚ ਬਹੁਤ ਸੇਵਾ ਕਰਦੇ ਹਨ। ਜਿਸ ਤਰ੍ਹਾਂ ਕਿ ਗੁਰੂ ਜੀ ਦੇ ਲੰਗਰਾਂ ਵਿੱਚ ਮਾਲੀ ਸੇਵਾ ਸਿਰਪਾਓ ਦੇ ਕੇ ਸੇਵਾ ਕਰਦੇ ਹਨ। ਅਤੇ ਸ਼ਹੀਦਾਂ ਸਿੰਘਾਂ ਪ੍ਰਤੀ ਬਹੁਤ ਨਿਮਾਣੇ ਜਿਹੇ ਸਿੱਖ ਵਜੋਂ ਸੇਵਾ ਕਰਕੇ ਆਪਣੀਆਂ ਹਾਜ਼ਰੀਆਂ ਸ਼ਹੀਦਾਂ ਸਿੰਘਾਂ ਦੇ ਚਰਨਾਂ ਵਿੱਚ ਲਾਉਂਦੇ ਹਨ ਇਸ ਮੌਕੇ ਤੇ ਬਲਕਾਰ ਸਿੰਘ ਬਾਠ, ਪਰਮਜੀਤ ਸਿੰਘ ਬਾਠ, ਸਤਨਾਮ ਸਿੰਘ ਬਾਠ, ਜਗਦੀਪ ਸਿੰਘ, ਜਸਦੀਪ ਸਿੰਘ , ਸਤਪਾਲ ਸਿੰਘ, ਪਰਮਬੀਰ ਸਿੰਘ ਬਾਠ, ਹਰਪ੍ਰੀਤ ਸਿੰਘ ਹੈਪੀ, ਜਗਪ੍ਰੀਤ ਸਿੰਘ, ਰਵਿੰਦਰ ਸਿੰਘ, ਨਰੇਸ਼ ਕੁਮਾਰ, ਹਰਮਨਪ੍ਰੀਤ ਸਿੰਘ,ਗੁਰਜੀਤ ਸਿੰਘ , ਸੁਖਚੈਨ ਸਿੰਘ, ਜੋਗਿੰਦਰ ਸਿੰਘ ਗਾਰਡ, ਹੀਰਾ ਸਿੰਘ ਮੱਤੇਵਾਲ, ਸੁਖਜੀਤ ਸਿੰਘ, ਲਵਜੋਤ ਸਿੰਘ ਆਦਿ ਪੀ ਬੀ ਐਸ ਸ਼ੌਪਿੰਗ ਮੌਲ ਚੌਕ ਮਹਿਤਾ ਦਾ ਸਾਰਾ ਸਟਾਫ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਅੱਜ 10 ਜੂਨ ਬਰਸੀ 'ਤੇ ਵਿਸ਼ੇਸ਼

# ਦਰਵੇਸ਼ ਸਿਆਸਤਦਾਨ - ਗਿਆਨੀ ਕਰਤਾਰ ਸਿੰਘ ਨੂੰ ਯਾਦ ਕਰਦਿਆਂ



ਗਿਆਨੀ ਕਰਤਾਰ ਸਿੰਘ

ਮਨੁੱਖਤਾ ਦੀ ਸੇਵਾ ਸਭ ਤੋਂ ਉੱਤਮ ਕਾਰਜ ਹੈ।ਅਜਿਹੇ ਬਹੁਤ ਵਿਰਲੇ ਇਨਸਾਨ ਮਿਲਣਗੇ, ਜਿਨ੍ਹਾਂ ਸਮੁੱਚਾ ਜੀਵਨ ਹੀ ਲੋਕ ਸੇਵਾ ਨੂੰ ਸਮਰਪਿਤ ਕੀਤਾ ਹੋਵੇ । ਅਜੋਕੇ ਸਮੇਂ ਵਿੱਚ ਅਜਿਹੇ ਇਨਸਾਨ ਲੱਭਿਆਂ ਵੀ ਨਹੀਂ ਮਿਲਦੇ ।ਸਮੁੱਚਾ ਜੀਵਨ ਕੌਮੀ ਹਿੱਤਾਂ ਨੂੰ ਸਮਰਪਿਤ ਕਰਨ ਵਾਲੇ, ਸਹੀ ਅਰਥਾਂ ਵਿੱਚ ਦਰਵੇਸ਼ ਸਿਆਸਤਦਾਨ ਸਨ, ਗਿਆਨੀ ਕਰਤਾਰ ਸਿੰਘ ।ਤਾਅ ਜ਼ਿੰਦਗੀ ਨਾ ਕਿਸੇ ਅਹੁਦੇ ਦੀ ਇੱਛਾ ਰੱਖੀ ਅਤੇ ਨਾ ਹੀ ਕੋਈ ਜਾਇਦਾਦ ਬਣਾਈ ।20ਵੀਂ ਸਦੀ ਦੀ ਰਾਜਨੀਤੀ ਵਿੱਚ ਕੌਮ ਦਾ ਦਿਮਾਗ ਸਮਝੇ ਜਾਣ ਵਾਲੇ ਗਿਆਨੀ ਕਰਤਾਰ ਸਿੰਘ ਦਾ ਜਨਮ 20 ਫ਼ਰਵਰੀ, 1902 ਈ: ਨੂੰ ਲਾਇਲਪੁਰ ਜ਼ਿਲ੍ਹੇ ਦੇ ਚੱਕ ਨੰ: 40 ਕੰਗ ਬ੍ਰਾਂਚ (ਲਹਿੰਦਾ ਪੰਜਾਬ) ਪਿਤਾ ਸ। ਭਗਤ ਸਿੰਘ ਅਤੇ ਮਾਤਾ ਜਿਓ ਦੇ ਗ੍ਰਹਿ ਵਿਖੇ ਹੋਇਆ ।ਉਸ ਸਮੇਂ ਸਿੱਖਿਆ ਦਾ ਪਾਸਾਰ ਹੁਣ ਵਾਂਗ ਨਹੀਂ ਸੀ ਹੋਇਆ ।ਮੁੱਢਲੀ ਸਿੱਖਿਆ ਅਤੇ ਅੱਖਰ ਗਿਆਨ ਧਾਰਮਿਕ ਅਸਥਾਨਾਂ 'ਤੇ ਹੁੰਦਾ ਸੀ ।ਗਿਆਨੀ ਜੀ ਨੇ ਆਪਣੀ ਮੁੱਢਲੀ ਸਿੱਖਿਆ ਆਪਣੇ ਪਿੰਡ ਦੇ ਗੁਰਦੁਆਰਾ ਸਾਹਿਬ ਤੋਂ ਹੀ ਸ਼ੁਰੂ ਕੀਤੀ ।ਇਸ ਤੋਂ ਪਿੱਛੋਂ ਫਿਰ ਚੱਕ ਨੰ: 41 ਦੇ ਖ਼ਾਲਸਾ ਹਾਈ ਸਕੂਲ ਵਿੱਚ ਦਾਖਲਾ ਪ੍ਰਾਪਤ ਕੀਤਾ ।ਇਸੇ ਸਕੂਲ ਵਿੱਚੋਂ 1921 ਈ: ਵਿੱਚ ਮੈਟ੍ਰਿਕ ਦਾ ਇਮਤਿਹਾਨ ਪਾਸ ਕੀਤਾ । ਇਸ ਤੋਂ ਬਾਅਦ ਖ਼ਾਲਸਾ ਕਾਲਜ ਅੰਮ੍ਰਿਤਸਰ ਵਿੱਚ ਦਾਖਲ ਤਾਂ ਹੋ ਗਏ, ਅਜੇ ਐੱਫ ਏ। ਹੀ ਕਰਦੇ ਸਨ, ਅਚਾਨਕ ਬੀਮਾਰੀ ਨੇ ਘੇਰ ਲਿਆ, ਬੀਮਾਰੀ ਦੀ ਹਾਲਤ ਵਿੱਚ ਕਾਲਜ ਛੱਡਣਾ ਪਿਆ ।ਪੜ੍ਹਾਈ ਦੀ ਰੁਚੀ ਰੱਖਣ ਦੀ ਲੋਚਾ ਮਨ ਵਿੱਚ ਹੀ ਰਹਿ ਗਈ । ਗਿਆਨੀ ਜੀ ਦੇ ਘਰ ਦਾ ਮਾਹੌਲ ਧਾਰਮਿਕ ਹੋਣ ਕਰਕੇ ਗੁਰਬਾਣੀ ਕੀਰਤਨ ਨਾਲ ਵਿਸ਼ੇਸ਼ ਲਗਾਅ ਰੱਖਦੇ ਸਨ ।ਅਜਿਹੀ ਧਾਰਮਿਕ ਰੁਚੀ ਹੋਣ ਕਾਰਨ ਅਤੇ ਸਿੱਖ ਇਤਿਹਾਸ ਨੂੰ ਜਾਨਣ ਦੀ ਉਤਸੁੱਕਤਾ ਕਾਰਨ ਲੋਕਾਂ ਵੱਲੋਂ (ਗਿਆਨੀ) ਸ਼ਬਦ ਨਾਲ ਸੰਬੋਧਨ ਕਰਨਾ ਸ਼ੁਰੂ ਕਰ ਦਿੱਤਾ ।ਅੰਤ ਸਮੇਂ ਤੱਕ ਇਹੋ ਸ਼ਬਦ ਆਪ ਦੇ ਨਾਂਅ ਨਾਲ ਜੁੜਿਆ ਰਿਹਾ ।1925 ਈ: ਵਿੱਚ ਗੁਰਦੁਆਰਾ ਲਹਿਰ ਸਿਖਰ ਦੇ ਦਿਨਾਂ ਵਿੱਚ ਸੀ, ਇਸੇ ਸਾਲ ਗੁਰਦੁਆਰਾ ਐਕਟ ਭਾਰਤ ਦੀ ਅੰਗ੍ਰੇਜ਼ ਹਕੂਮਤ ਵੱਲੋਂ ਲਾਗੂ ਕੀਤਾ ਗਿਆ ।ਉਸ ਸਮੇਂ ਪੰਜਾਬ ਦੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ ਹੋਈ ।ਉਸ ਸਮੇਂ ਦੇ ਪੰਜਾਬ ਵਿੱਚ ਪਾਕਿਸਤਾਨ ਵਿੱਚ ਵੱਸਦਾ ਲਹਿੰਦਾ ਪੰਜਾਬ, ਮੌਜੂਦਾ ਪੰਜਾਬ, ਹਰਿਆਣਾ ਅਤੇ ਹਿਮਾਚਲ ਵਿੱਚ ਸ਼ਾਮਿਲ ਪੁਰਾਣੇ ਪੰਜਾਬ ਦੇ ਗੁਰਦੁਆਰਾ ਸਾਹਿਬਾਨ ਵੀ ਸ਼ਾਮਿਲ ਸਨ ।ਗਿਆਨੀ ਜੀ ਧਾਰਮਿਕ ਵਿਚਾਰਾਂ ਵਿੱਚ ਪ੍ਰਪੱਕਤਾ ਹੋਣ ਕਾਰਨ 1926 ਈ: ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਸਮੇਂ ਗਿਆਨੀ ਕਰਤਾਰ ਸਿੰਘ ਮੈਂਬਰ ਚੁਣ ਲਏ ਗਏ ।ਇਸ ਤੋਂ ਅਗਲੇ ਵਰ੍ਹੇ ਕਾਰਜਕਾਰਨੀ ਕਮੇਟੀ ਦੇ ਮੈਂਬਰ ਚੁਣ ਲਏ ਗਏ ।ਦੇਸ਼ ਦੀ ਆਜ਼ਾਦੀ ਲਈ ਸੰਘਰਸ਼ ਚੱਲ ਰਿਹਾ। 30 ਅਕਤੂਬਰ, 1928 ਈ: ਨੂੰ ਲਾਹੌਰ ਦੇ ਰੇਲਵੇ ਸਟੇਸ਼ਨ 'ਤੇ ਸਾਈਮਨ ਕਮਿਸ਼ਨ ਪ੍ਰਤੀ ਰੋਸ ਪ੍ਰਗਟ ਕੀਤਾ ।ਇਸ ਤੋਂ ਬਾਅਦ 1930-31 ਵਿੱਚ ਚੱਲੇ ਨਾਫ਼ੁਰਮਾਨੀ ਅੰਦੋਲਨ ਵਿੱਚ ਹਿੱਸਾ ਲੈਣ ਕਾਰਨ ਇਕ ਸਾਲ ਦੀ ਸਖ਼ਤ ਕੈਦ ਦੀ ਸਜ਼ਾ ਕੱਟਣੀ ਪਈ ।

ਕੌਮੀ ਦਰਦ ਦੀ ਚੀਸ ਹਰ ਸਮੇਂ ਹਿਰਦੇ ਵਿੱਚ ਕਾਇਮ ਰਹੀ ।ਉਨ੍ਹਾਂ ਦੀ ਇਕੋ-ਇਕ ਖਾਹਿਸ਼ ਸੀ, ਸਾਡੇ ਸਿਆਸਤਦਾਨ ਸੱਚੇ-ਸੁੱਚੇ ਦੇਸ਼ ਭਗਤਾਂ ਵਾਂਗ ਆਜ਼ਾਦੀ ਦੇ ਸੰਘਰਸ਼ ਵਿੱਚ ਯੋਗਦਾਨ ਪਾਉਣ ।ਉਹ ਹਮੇਸ਼ਾਂ ਕਹਿੰਦੇ ਸਨ, ਨਿੱਜੀ ਹਿੱਤਾਂ ਤੋਂ ਉੱਪਰ ਉੱਠ ਕੇ ਦੇਸ਼ ਨੂੰ ਗੁਲਾਮੀ ਤੋਂ ਛੁਟਕਾਰਾ ਮਿਲ ਸਕਦਾ ।1937 ਈ: ਵਿੱਚ ਸਾਂਝੇ ਪੰਜਾਬ ਦੀ ਵਿਧਾਨ ਸਭਾ ਦੀ ਚੋਣ ਹੋਈ ।ਉਨ੍ਹਾਂ ਇਹ ਚੋਣ ਸਮੁੰਦਰੀ ਜੜ੍ਹਵਾਲਾ (ਲਹਿੰਦਾ ਪੰਜਾਬ) ਦੇ ਵਿਧਾਨ ਸਭਾ ਹਲਕਾ ਤੋਂ ਲੜੀ ।ਇਸ ਚੋਣ ਵਿੱਚ ਇਸ ਹਲਕੇ ਤੋਂ ਵਿਧਾਨ ਸਭਾ ਮੈਂਬਰ ਚੁਣੇ ਗਏ ।1943 ਈ: ਵਿੱਚ ਉਨ੍ਹਾਂ ਪੰਜਾਬੀਆਂ ਦੇ ਦਰਦ ਨੂੰ ਸਮਝਦਿਆਂ ਅਜ਼ਾਦ ਪੰਜਾਬ ਬਣਾਉਣ ਦਾ ਵਿਚਾਰ ਪੇਸ਼ ਕੀਤਾ ।ਉਨ੍ਹਾਂ ਦਾ ਵਿਚਾਰ ਸੀ, ਦੇਸ਼ ਦੀ ਆਜ਼ਾਦੀ ਦੀ ਲੜਾਈ ਜਿਹੜੀ ਉਸ ਸਮੇਂ ਸਿਖਰ 'ਤੇ ਸੀ, ਉਸ ਵਿੱਚ ਪੰਜਾਬੀ ਆਪਣਾ ਪੂਰਾ ਯੋਗਦਾਨ ਪਾ ਰਹੇ ਸਨ ।ਉਨ੍ਹਾਂ ਨੂੰ ਜਾਪਦਾ ਸੀ ਜੇ ਇਸ ਸੰਘਰਸ਼ ਵਿੱਚ ਸਭ ਤੋਂ ਵੱਧ ਕੁਰਬਾਨੀਆਂ ਕਰਨ ਵਾਲੀ ਕੌਮ ਪਛੜ ਗਈ ਤਾਂ ਅਜ਼ਾਦ ਪੰਜਾਬ ਬਣਾਉਣ ਦਾ ਇਹ ਸੁਪਨਾ ਭਵਿੱਖ ਦੇ ਗਰਭ ਵਿੱਚ ਚਲਾ ਜਾਵੇਗਾ । ਉਸ ਸਮੇਂ ਦੂਜਾ ਸੰਸਾਰ ਯੁੱਧ ਚੱਲ ਰਿਹਾ ਸੀ, ਗਿਆਨੀ ਜੀ ਦਾ ਵਿਚਾਰ ਸੀ, ਸੰਸਾਰ ਜੰਗ ਦੀ ਭੱਠੀ ਵਿੱਚ ਲੱਖਾਂ ਸਿੱਖ ਨੌਜਵਾਨਾਂ ਨੂੰ ਬਾਲਣ ਵਜੋਂ ਅੰਗ੍ਰੇਜ਼ ਹਕੂਮਤ ਮੌਤ ਦੇ ਮੂੰਹ ਵਿੱਚ ਧੱਕ ਰਹੀ ਹੈ ।

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



ਇਸ ਤੋਂ ਅਗਲੇ ਸਾਲ 12 ਦਸੰਬਰ, 1944 ਈ: ਵਿੱਚ ਉਨ੍ਹਾਂ ਦਾ ਵਿਚਾਰ ਸੀ ਕਿ ਸਿੱਖ ਧਰਮ ਸਰਬੱਤ ਦੇ ਭਲੇ ਦਾ ਸਿਧਾਂਤ ਮੁਤਾਬਿਕ ਕਿਸੇ ਜਾਤ-ਪਾਤ ਵਿੱਚ ਵਿਸ਼ਵਾਸ਼ ਨਹੀਂ ਰੱਖਦਾ, ਸਗੋਂ ਸੰਸਾਰ ਦਾ ਸਰਬ-ਸਾਂਝਾ ਧਰਮ ਹੈ, ਉਨ੍ਹਾਂ ਇਸ ਕੰਮ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਹੋਰ ਵਧੇਰੇ ਪ੍ਰਭਾਵਸ਼ਾਲੀ ਬਣਾਉਣ ਲਈ ਸਿੱਖ ਕੌਮ ਦਾ ਧਿਆਨ ਇਸ ਪਾਸੇ ਲਾ ਕੇ ਗੁਰਦੁਆਰਾ ਐਕਟ ਵਿੱਚ ਸੋਧ ਕਰਕੇ ਕਥਿਤ ਪਛੜੀਆਂ ਸ਼੍ਰੇਣੀਆਂ ਨੂੰ ਗੁਰਦੁਆਰਾ ਕਮੇਟੀ ਵਿੱਚ ਪ੍ਰਤੀਨਿੱਧਤਾ ਦਿੱਤੀ ਜਾਵੇ।

ਦੇਸ਼ ਦੀ ਆਜ਼ਾਦੀ ਤੋਂ ਪਿੱਛੋਂ 1952 ਈ: ਵਿੱਚ ਗਿਆਨੀ ਜੀ ਨੂੰ ਪੰਜਾਬ ਵਿਧਾਨ ਕੌਂਸਿਲ ਦਾ ਮੈਂਬਰ ਬਣਾ ਦਿੱਤਾ ਗਿਆ ।ਜਦੋਂ ਪੈਪਸੂ ਦਾ ਇਲਾਕਾ ਪੰਜਾਬ ਵਿੱਚ ਸ਼ਾਮਿਲ ਕੀਤਾ ਗਿਆ ਤਾਂ ਗਿਆਨੀ ਜੀ ਦੀ ਸੋਚ ਮੁਤਾਬਿਕ 1956 ਈ: ਵਿੱਚ ਫਿਰ ਗੁਰਦੁਆਰਾ ਐਕਟ ਵਿੱਚ ਸੋਧ ਕਰਵਾਈ ਗਈ ।1957 ਈ: ਦੀ ਪੰਜਾਬ ਵਿਧਾਨ ਸਭਾ ਦੀ ਚੋਣ ਸਮੇਂ ਗਿਆਨੀ ਕਰਤਾਰ ਸਿੰਘ ਫਿਰ ਵਿਧਾਇਕ ਚੁਣੇ ਗਏ ।ਮੰਤਰੀ ਮੰਡਲ ਬਣਨ ਸਮੇਂ ਸ। ਪ੍ਰਤਾਪ ਸਿੰਘ ਕੈਰੋਂ ਦੇ ਮੰਤਰੀ ਮੰਡਲ ਵਿੱਚ ਆਪ ਨੂੰ ਪੰਜਾਬ ਦੇ ਮਾਲ ਤੇ ਖੇਤੀਬਾੜੀ ਮੰਤਰੀ ਵਜੋਂ ਸ਼ਾਮਿਲ ਕੀਤਾ ਗਿਆ ।1962 ਈ: ਦੀ ਵਿਧਾਨ ਸਭਾ ਦੀ ਚੋਣ ਸਮੇਂ ਵੀ ਆਪ ਮੁੜ ਵਿਧਾਨਕਾਰ ਚੁਣੇ ਗਏ ।

16 ਅਪ੍ਰੈਲ, 1967 ਈ: ਨੂੰ ਆਪ ਨੇ ਕਾਂਗਰਸ ਪਾਰਟੀ ਨੂੰ ਅਲਵਿਦਾ ਆਖ ਦਿੱਤਾ ।ਹੁਣ ਸਿਹਤ ਵਿੱਚ ਵਿਗਾੜ ਆਉਣ ਕਾਰਨ ਸਰਗਰਮ ਰਾਜਨੀਤੀ ਤੋਂ ਵੱਖ ਹੋ ਗਏ ।ਆਖਰ ਕੁਦਰਤ ਦੇ ਨੇਮ ਮੁਤਾਬਿਕ 10 ਜੂਨ, 1974 ਈ: ਨੂੰ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਆਪ ਸਦੀਵੀ ਵਿਛੋੜਾ ਦੇ ਗਏ ।ਇਸ ਦਰਵੇਸ਼ ਸਿਆਸਤਦਾਨ ਦੀ ਯਾਦ ਵਿੱਚ ਉਸਾਰੇ ਗਏ ਗਿਆਨੀ ਕਰਤਾਰ ਸਿੰਘ ਸਰਕਾਰੀ ਕਾਲਜ ਟਾਂਡਾ (ਹੁਸ਼ਿਆਰਪੁਰ) ਦੀ ਇਮਾਰਤ ਉਨ੍ਹਾਂ ਦੀ ਯਾਦ ਨੂੰ ਤਾਜ਼ਾ ਕਰਵਾ ਰਹੀ ਹੈ।

ਜੰਡਿਆਲਾ ਗੁਰੂ ਤੋਂ ਸ਼੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਲਈ

# ਨੌਜਵਾਨਾਂ ਦਾ ਜੱਥਾ ਰਵਾਨਾ ਹੋਇਆ



**ਜੰਡਿਆਲਾ ਗੁਰੂ, 10 ਜੂਨ( ਕੁਲਵੰਤ ਸਿੰਘ ਵਿਰਦੀ )**-ਸ੍ਰੀ ਹੇਮਕੁੰਟ ਸਾਹਿਬ ਸਿੱਖ ਧਰਮ ਦਾ ਇੱਕ ਬਹੁਤ ਹੀ ਪਵਿੱਤਰ ਅਤੇ ਇਤਿਹਾਸਕ ਅਸਥਾਨ ਹੈ ਜੋ ਉੱਤਰਾਖੰਡ ਦੇ ਚਮੋਲੀ ਜ਼ਿਲ੍ਹੇ ਵਿੱਚ ਹਿਮਾਲਿਆ ਦੀਆਂ ਉੱਚੀਆਂ ਚੋਟੀਆਂ (ਲਗਭਗ 15,200 ਫੁੱਟ ਦੀ ਉਚਾਈ) 'ਤੇ ਸਥਿਤ ਹੈ ।ਇਹ ਉਹ ਅਸਥਾਨ ਹੈ ਜਿੱਥੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਪਿਛਲੇ ਜਨਮ ਵਿੱਚ 'ਦੁਸ਼ਟ-ਦਮਨ' ਵਜੋਂ ਅਕਾਲ ਪੁਰਖ ਦੀ ਭਗਤੀ ਕੀਤੀ ਸੀ ।ਇਸ ਪਵਿੱਤਰ ਸਥਾਨ ਦੀ ਯਾਤਰਾ ਹਰ ਸਾਲ ਗਰਮੀਆਂ ਦੇ ਮੌਸਮ ਮਈ-ਜੂਨ ਤੋਂ ਅਕਤੂਬਰ ਤੱਕ ਖੁੱਲ੍ਹਦੀ ਹੈ ।ਯਾਤਰਾ ਦਾ ਆਰੰਭ ਗੁਰਦੁਆਰਾ ਰਿਸ਼ੀਕੇਸ਼ ਸਾਹਿਬ ਤੋਂ ਆਰੰਭ ਹੁੰਦਾ ਹੈ ।ਯਾਤਰਾ ਦਾ ਮੁੱਖ ਪੜਾਅ ਗੋਬਿੰਦ ਘਾਟ ਅਤੇ ਗੋਬਿੰਦ ਧਾਮ ਹੈ, ਜਿੱਥੋਂ 14 ਕਿਲੋਮੀਟਰ ਦੀ ਪੈਦਲ ਚੜ੍ਹਾਈ ਜਾਂ ਖੱਚਰ/ਹੈਲੀਕਾਪਟਰ ਰਾਹੀਂ ਤੈਅ ਕਰਕੇ ਹੇਮਕੁੰਟ ਸਾਹਿਬ ਪਹੁੰਚਿਆ ਜਾਂਦਾ ਹੈ ।ਜੰਡਿਆਲਾ ਗੁਰੂ ਤੋਂ ਬੀਤੀ 8 ਜੂਨ ਰਾਤ ਨੂੰ ਨੌਜਵਾਨਾਂ ਦਾ ਇਕ ਜੱਥਾ ਸ਼੍ਰੀ ਹੇਮਕੁੰਟ ਸਾਹਿਬ ਲਈ ਰਵਾਨਾ ਹੋ ਗਿਆ ਅਤੇ 9 ਜੂਨ ਨੂੰ ਗੁਰਦੁਆਰਾ ਰਿਸ਼ੀਕੇਸ਼ ਸਾਹਿਬ ਨਮਸਤਕ ਹੋਕੇ ਗੁਰਦੁਆਰਾ ਗੋਬਿੰਦ ਘਾਟ ਲਈ ਰਵਾਨਾ ਹੋ ਗਏ ।ਅੱਜ 10 ਜੂਨ ਨੂੰ ਓਹਨਾਂ ਵਲੋ ਗੁਰਦੁਆਰਾ ਸ਼੍ਰੀ ਗੋਬਿੰਦ ਘਾਟ ਤੋਂ ਗੁਰਦੁਆਰਾ ਸ਼੍ਰੀ ਗੋਬਿੰਦ ਧਾਮ ਲਈ ਪੈਦਲ ਯਾਤਰਾ ਆਰੰਭ ਕਰ ਦਿੱਤੀ ਗਈ ਹੈ ।ਜਥੇ ਦੇ ਮੈਂਬਰ ਸਾਗਰ ਮਲਹੋਤਰਾ ਨੇ ਦੱਸਿਆ ਕਿ ਯਾਤਰਾ ਲਈ ਸ਼ਰਧਾਲੂਆਂ ਦੀ ਭਾਰੀ ਭੀੜ ਹੈ ਅਤੇ ਸਾਰੇ ਰਸਤੇ ਬਿਲਕੁਲ ਸਾਫ ਹੈ ।ਓਹਨਾਂ ਕਿਹਾ ਕਿ ਵੱਡੀ ਗਿਣਤੀ ਚ ਸ਼ਰਧਾਲੂਆਂ ਦੀ ਭੀੜ ਹੋਣ ਦੇ ਬਾਵਜੂਦ ਸਾਰੇ ਗੁਰਦੁਆਰਾ ਸਾਹਿਬ ਵਿਚ ਪੁਖਤਾ ਪਰਬੰਧ ਕੀਤੇ ਗਏ ਹਨ ਅਤੇ ਸ਼ਰਧਾਲੂਆਂ ਨੂੰ ਕੋਈ ਪ੍ਰੇਸ਼ਾਨੀ ਨਹੀਂ ਆ ਰਹੀ ।ਜੱਥੇ ਵਿਚ ਸ਼ਾਮਿਲ ਨੌਜਵਾਨਾਂ ਵਿਚ ਸਰਬਜੋਤ ਸਿੰਘ ਮਲਹੋਤਰਾ, ਨਵਜੋਤ ਸਿੰਘ ਮਲਹੋਤਰਾ, ਸਾਗਰ ਮਲਹੋਤਰਾ, ਅੰਸ਼ੂ ਮਲਹੋਤਰਾ, ਵਰੁਣ, ਪ੍ਰਿੰਸ, ਰੋਹਿਤ, ਸਾਹਿਲ, ਤਾਨਿਸ਼, ਸਾਜਨ, ਅਰਸ਼ ਆਦਿ ਮੌਜੂਦ ਹਨ।

# ਗੁਰਬਾਣੀ ਚੈਨਲ ਬਣਾਉਣ ਲਈ ਜੀ.ਟੀ.ਸੀ ਨੈੱਟਵਰਕ ਤੋਂ ਆਈ ਪੇਸ਼ਕਸ਼ 'ਤੇ ਗੌਰ ਕਰੇ ਐਸ.ਜੀ.ਪੀ.ਸੀ - ਗਿਆਨੀ ਹਰਪ੍ਰੀਤ ਸਿੰਘ



**ਚੰਡੀਗੜ੍ਹ, 10 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਕਿਹਾ ਹੈ ਕਿ ਉਹਨਾਂ ਨੂੰ ਜੀ.ਟੀ.ਸੀ ਨੈੱਟਵਰਕ ਦੇ ਮਾਲਕ ਡਾ ਰਾਬਿੰਦਰ ਨਰਾਇਣ ਦੀ ਉਸ ਲਿਖਤੀ ਪੇਸ਼ਕਸ਼ ਉਤੇ ਗੰਭੀਰਤਾ ਨਾਲ ਗੌਰ ਕਰਨਾ ਚਾਹੀਦਾ ਹੈ, ਜਿਸ ਵਿੱਚ ਉਹਨਾਂ ਨੇ ਇਕ ਗੁਰਬਾਣੀ ਚੈਨਲ ਸਥਾਪਤ ਕਰਕੇ ਸ੍ਰੀ ਅਕਾਲ ਤਖਤ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਦੀ ਮਾਲਕੀ ਵਿੱਚ ਸੌਂਪਣ ਬਾਰੇ ਕਿਹਾ ਹੈ। ਵੱਖ-ਵੱਖ ਚੈਨਲਾਂ ਰਾਹੀਂ ਸ੍ਰੀ ਦਰਬਾਰ ਸਾਹਿਬ ਤੋਂ ਕਰੀਬ ਅਠਾਈ ਸਾਲ ਤੱਕ ਗੁਰਬਾਣੀ ਦਾ ਸਿੱਧਾ ਪ੍ਰਸਾਰਣ ਕਰਨ ਦਾ ਤਜਰਬਾ ਰੱਖਣ ਵਾਲੇ ਡਾ ਨਰਾਇਣ ਨੇ ਇਹ ਤਿੰਨ ਸਫਿਆਂ ਦੀ ਲਿਖਤ ਆਪਣੇ ਸੋਸ਼ਲ ਮੀਡੀਆ 'ਤੇ ਅਪਲੋਡ ਕੀਤੀ ਹੈ। ਜਿਸ ਵਿੱਚ ਉਹਨਾਂ ਨੇ ਗੁਰੂ ਪ੍ਰਤੀ ਆਪਣੀ ਸੇਵਾ ਅਤੇ ਸਮਰਪਣ ਦੀ ਭਾਵਨਾ ਪ੍ਰਗਟਾਈ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਦਰਬਾਰ ਸਾਹਿਬ ਤੋਂ ਗੁਰਬਾਣੀ ਕੀਰਤਨ ਦੇ ਸਿੱਧੇ ਪ੍ਰਸਾਰਨ ਨੂੰ ਲੈ ਕੇ ਸਿੱਖ ਸੰਗਤਾਂ ਵਿੱਚ ਲੰਬੇ ਸਮੇਂ ਤੋਂ ਇਹ ਭਾਵਨਾ ਰਹੀ ਹੈ ਕਿ ਪ੍ਰਸਾਰਣ ਦੇ ਅਧਿਕਾਰ ਕਿਸੇ ਇੱਕ ਖਾਸ ਚੈਨਲ ਜਾਂ ਧਿਰ ਦੇ ਕਬਜ਼ੇ ਹੇਠ ਨਹੀਂ ਹੋਣੇ ਚਾਹੀਦੇ, ਸਗੋਂ ਗੁਰੂ ਦੀ ਬਾਣੀ ਦਾ ਪ੍ਰਸਾਰਣ ਵੱਧ ਤੋਂ ਵੱਧ ਸੰਗਤਾਂ ਤੱਕ ਪਹੁੰਚਾਉਣ ਲਈ ਖੁੱਲ੍ਹਾ ਅਤੇ ਪਾਰਦਰਸ਼ੀ ਪ੍ਰਬੰਧ ਹੋਣਾ ਚਾਹੀਦਾ ਹੈ। ਉਸ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਹ ਦਲੀਲ ਦਿੱਤੀ ਜਾਂਦੀ ਰਹੀ ਹੈ ਕਿ ਹੋਰ ਕਿਸੇ ਚੈਨਲ ਕੋਲ ਵਿਸ਼ਵ ਪੱਧਰ 'ਤੇ ਪ੍ਰਸਾਰਣ ਕਰਨ ਲਈ ਲੋੜੀਂਦੇ ਸਾਧਨ ਨਹੀਂ ਹਨ। ਇਸ ਸੰਦਰਭ ਵਿੱਚ ਉਹਨਾਂ ਨੇ ਬਤੌਰ ਜਥੇਦਾਰ ਇਹ ਆਦੇਸ਼ ਵੀ ਕੀਤੇ ਸਨ ਕਿ ਸ਼੍ਰੋਮਣੀ ਕਮੇਟੀ ਇੱਕ ਮਹੀਨੇ ਦੇ ਅੰਦਰ ਆਪਣਾ ਚੈਨਲ ਸਥਾਪਤ ਕਰੇ, ਤਾਂ ਜੋ ਗੁਰਬਾਣੀ ਪ੍ਰਸਾਰਣ ਦਾ ਪ੍ਰਬੰਧ ਸਿੱਧੇ ਤੌਰ 'ਤੇ ਪੰਥ ਦੇ ਹੱਥਾਂ ਵਿੱਚ ਹੋਵੇ। ਦੁੱਖ ਦੀ ਗੱਲ ਹੈ ਕਿ ਇਹ ਆਦੇਸ਼ ਅੱਜ ਤੱਕ ਲਾਗੂ ਨਹੀਂ ਹੋ ਸਕਿਆ। ਹੁਣ ਜਦੋਂ ਜੀ.ਟੀ.ਸੀ ਨੈੱਟਵਰਕ ਦੇ ਸੰਸਥਾਪਕ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਮਰਪਿਤ 24 ਘੰਟੇ ਦੇ ਵਿਸ਼ਵ ਵਿਆਪੀ ਸੈਟੇਲਾਈਟ ਅਤੇ ਡਿਜ਼ੀਟਲ ਚੈਨਲ ਦੀ ਸਥਾਪਨਾ ਦੀ ਪੇਸ਼ਕਸ਼ ਕੀਤੀ ਹੈ, ਤਾਂ ਇਸ 'ਤੇ ਗੰਭੀਰਤਾ ਨਾਲ ਵਿਚਾਰ ਹੋਣੀ ਚਾਹੀਦੀ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਬਿਆਨ ਵਿੱਚ ਅੱਗੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਇਹ ਮੌਕਾ ਪੰਥਕ ਹਿੱਤਾਂ ਲਈ ਵਰਤਦਿਆਂ ਗੁਰਬਾਣੀ ਪ੍ਰਸਾਰਣ ਬਾਰੇ ਕਿਸੇ ਇੱਕ ਨਿੱਜੀ ਚੈਨਲ ਦੀ ਨਿਰਭਰਤਾ ਤੋਂ ਮੁਕਤ ਹੋਣਾ ਚਾਹੀਦਾ ਹੈ ਅਤੇ ਸਮੂਹ ਪੰਥਕ ਸੰਸਥਾਵਾਂ ਅਤੇ ਜਥੇਬੰਦੀਆਂ ਦੀ ਸਾਂਝੀ ਰਾਇ ਨਾਲ ਇਕ ਅਜਿਹਾ ਪ੍ਰਬੰਧ ਸਥਾਪਤ ਕਰਨਾ ਚਾਹੀਦਾ ਹੈ ਜੋ ਪੂਰੀ ਤਰ੍ਹਾਂ ਪੰਥ ਦੀ ਮਾਲਕੀ ਅਤੇ ਨਿਗਰਾਨੀ ਹੇਠ ਹੋਵੇ। ਕਿਉਂਕਿ ਗੁਰਬਾਣੀ ਕਿਸੇ ਇੱਕ ਸੰਸਥਾ ਜਾਂ ਚੈਨਲ ਦੀ ਮਲਕੀਅਤ ਨਹੀਂ, ਸਗੋਂ ਸਮੁੱਚੀਆਂ ਸਿੱਖ ਸੰਗਤਾਂ ਦੀ ਸਾਂਝੀ ਵਿਰਾਸਤ ਹੈ। ਇਹ ਪ੍ਰੈੱਸ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

# ਨਗਰ ਕੌਂਸਲ ਚੋਣਾਂ ਹਲਕਾ ਜੰਡਿਆਲਾ ਗੁਰੂ ਵਿੱਚ ਸ਼ਾਨਦਾਰ ਹੋਈ ਜਿੱਤ : ਬਲਜੀਤ ਸਿੰਘ ਸਰਾਂ



**ਚੌਕ ਮਹਿਤਾ, 10 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਲਕਾ ਜੰਡਿਆਲਾ ਗੁਰੂ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਸੈਲ ਪੰਜਾਬ ਨੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਦੇ ਭਰਾਤਾ ਸਤਿੰਦਰ ਸਿੰਘ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰਨ ਤੇ ਸਨਮਾਨਿਤ ਕੀਤਾ ਕੀਤਾ ਗਿਆ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੂੰ ਮੁਰਾਬਕਾ ਦੇਣ ਲਈ ਪਾਉਂਚੇ। ਇੱਕ ਜਾਰੀ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਕਾਰਗੁਜ਼ਾਰੀ ਤੋਂ ਬਹੁਤ ਖੁਸ਼ ਹਨ ਅਤੇ ਆਮ ਆਦਮੀ ਪਾਰਟੀ ਵੱਲ ਉਮੀਦ ਨਾਲ ਦੇਖ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਹਲਕਾ ਜੰਡਿਆਲਾ ਗੁਰੂ ਤੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੂੰ ਪਾਰਟੀ ਨੂੰ ਵੱਡਾ ਸਮਰਥਨ ਪ੍ਰਾਪਤ ਹੋਇਆ ਹੈ ਉਨ੍ਹਾਂ ਦਾਅਵਾ ਕੀਤਾ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਨਾ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਲੋਕ ਭਲਾਈ ਅਤੇ ਵਿਕਾਸ ਦੀ ਰਾਜਨੀਤੀ ਕਰਦੀ ਆਈ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਪੰਜਾਬ ਦੇ ਲੋਕ ਆਮ ਆਦਮੀ ਨੂੰ ਪੂਰਾ ਸਮਰਥਨ ਦੇਣਗੇ। ਇਸ ਮੌਕੇ ਤੇ ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਸੈਲ ਪੰਜਾਬ, ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਅਰੀਵਾਲ,ਸਰਪੰਚ ਬਲਰਾਜ ਸਿੰਘ ਕੰਗ ਸਰਾਂ, ਮੈਂਬਰ ਸੁਖਦੀਪ ਸਿੰਘ ਕੰਗ ਸਰਾਂ, ਸਰਪੰਚ ਮੇਜਰ ਸਿੰਘ ਬੁਲਾਰਾ, ਸਕੱਤਰ ਸਿੰਘ ਬੁਲਾਰਾ, ਹਰਪ੍ਰੀਤ ਸਿੰਘ ਸਰਾਂ, ਲਵਪ੍ਰੀਤ ਸਿੰਘ ਸਰਾਂ, ਸਰਪੰਚ ਪਰਮਿੰਦਰ ਸਿੰਘ ਡੇਅਰੀਵਾਲ, ਆਦਿ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
AWAZE QAUM International Newspaper & WEB TV

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ ਸਤਿਕਾਰ ਲਈ

# ਬਣੇ ਕਾਨੂੰਨਾਂ ਨੂੰ ਲੈ ਕੇ ਉਦੋਨੰਗਲ ਵਿਖੇ ਕੀਤਾ ਸੰਵਾਦ






**ਚੌਂਕ ਮਹਿਤਾ, 10 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ ਦਿਨੀ ਵੱਖ ਵੱਖ ਸਿੱਖ ਜਥੇਬੰਦੀਆਂ ਦੇ ਸਹਿਯੋਗ ਨਾਲ ਪੰਥ ਸੇਵਕ ਜਥਾ ਮਾਝਾ ਦੇ ਉਪਰਾਲੇ ਸਦਕਾ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ ਸਤਿਕਾਰ ਲਈ ਬਣਾਏ ਕਾਨੂੰਨ ਤੇ ਗਹਿਣ ਵਿਸ਼ੇ ਉੱਪਰ ਸੰਗਤ ਨਾਲ ਪੰਥਕ ਰਵਾਇਤ ਅਨੁਸਾਰ ਪਿੰਡ ਉੱਦੋ ਨੰਗਲ ਦੇ ਗੁਰਦੁਆਰਾ ਸਹਿਜਾਦਾ ਪੱਤੀ ਵਿਖੇ ਸੰਵਾਦ ਕਰਵਾਇਆ ਗਿਆ।

ਇਸ ਦੌਰਾਨ ਉਸਤਾਦ ਕੁਲਜਿੰਦਰ ਸਿੰਘ ਮੱਲ੍ਹੀ ਦੇ ਰਾਗੀ ਜਥੇ ਨੇ ਕੀਰਤਨ ਦੀ ਸੇਵਾ ਨਿਭਾ ਕੇ ਸੰਵਾਦ ਦਾ ਆਰੰਭ ਕੀਤਾ।

ਉਪਰੰਤ ਗੁਰੂ ਖਾਲਸਾ ਪੰਥ ਦੀ ਮਰਯਾਦਾ ਨੂੰ ਕਾਇਮ ਰੱਖਦਿਆਂ ਹੋਇਆਂ ਇਲਾਕਾ ਪੱਧਰ ਦੀ ਸੰਗਤ ਨਾਲ ਵਿਚਾਰ ਚਰਚਾ ਕਰਨ ਲਈ ਭਾਈ ਪਰਮਜੀਤ ਸਿੰਘ ਗਾਜੀ ਸੰਪਾਦਕ ਸਿੱਖ ਸਿਆਸਤ ਅਤੇ ਭਾਈ ਮਲਕੀਤ ਸਿੰਘ ਭਵਾਨੀਗੜ੍ਹ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।

ਜਿਨਾਂ ਨੇ ਕਾਨੂੰਨਾ ਨੂੰ ਗੁਰੂ ਖਾਲਸਾ ਪੰਥ ਦੀ ਰਵਾਇਤ ਅਨੁਸਾਰ ਅਤੇ ਇਤਿਹਾਸਿਕ ਪਰੀਪੇਖ ਤੋਂ ਸੰਗਤ ਦੇ ਸਾਹਮਣੇ ਰੱਖਿਆ। ਉਨਾਂ ਨੇ ਗੁਰਮਤਾ ਰਵਾਇਤ, ਗੁਰਦੁਆਰਾ ਪ੍ਰਬੰਧ, ਸਿੱਖਾਂ ਦੇ ਸੇਵਾ ਕਰਨ ਲਈ ਹੁਕਮ ਅਤੇ ਫਰਜ, ਅਦਬ ਲਈ ਮਰਯਾਦਾ ਦੇ ਨਾਲ ਨਾਲ ਸਮੇਂ ਸਮੇਂ 'ਤੇ ਜੋ ਸਰਕਾਰ ਵੱਲੋਂ ਖਾਲਸਾ ਪੰਥ ਦੀ ਮਰਯਾਦਾ ਵਿਚ ਦਖਲ-ਅੰਦਾਜੀ ਕੀਤੀ ਉਸ ਬਾਰੇ ਵੀ ਸੰਗਤ ਨੂੰ ਜਾਣੂੰ ਕਰਵਾਇਆ। ਇਸ ਸਮਾਗਮ ਨੂੰ ਨੇਪਰੇ ਚਾੜਨ ਲਈ ਪੰਥ ਸੇਵਕ ਜਥਾ ਮਾਝਾ ਅਤੇ ਇਲਾਕੇ ਦੀ ਸਮੂਹ ਸੰਗਤ ਵਲੋ ਪਹਿਲ ਕਦਮੀ ਕਰਦੇ ਹੋਏ ਸੇਵਾ ਨਿਭਾਈ ਗਈ ।

ਹੈਨਰੀ ਨੋਵਾਕ ਦੀ ਯਾਦ 'ਚ ਦਿੱਲੀ ਵਿੱਚ ਅਰਦਾਸ ਸਮਾਗਮ

# ਸਿੱਖ ਭਾਈਚਾਰੇ ਖ਼ਿਲਾਫ਼ ਨਫ਼ਰਤ ਫੈਲਾਉਣ ਦਾ ਵਿਰੋਧ: ਸਰਨਾ



**ਨਵੀਂ ਦਿੱਲੀ, 10 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਅਕਾਲੀ ਦਲ (ਦਿੱਲੀ ਇਕਾਈ) ਵੱਲੋਂ ਪੱਛਮੀ ਦਿੱਲੀ ਦੇ ਸੁਭਾਸ਼ ਨਗਰ ਸਥਿਤ ਗੁਰਦੁਆਰਾ ਕਲਗੀਧਰ ਖਾਲਸਾ ਸੇਵਕ ਸਭਾ ਵਿੱਚ ਬ੍ਰਿਟੇਨ ਦੇ 18 ਸਾਲਾ ਨੌਜਵਾਨ ਹੈਨਰੀ ਨੋਵਾਕ ਦੀ ਯਾਦ ਵਿੱਚ ਅਰਦਾਸ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ ਹੈਨਰੀ ਨੋਵਾਕ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਗਈ ਅਤੇ ਉਸ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ ਗਈ। ਆਯੋਜਕਾਂ ਨੇ ਕਿਹਾ ਕਿ ਇਹ ਸਮਾਗਮ ਯੂਨਾਈਟਿਡ ਕਿੰਗਡਮ ਤੋਂ ਬਾਹਰ ਹੈਨਰੀ ਨੋਵਾਕ ਦੀ ਯਾਦ ਵਿੱਚ ਕਰਵਾਇਆ ਗਿਆ ਪਹਿਲਾ ਸਿੱਖ ਧਾਰਮਿਕ ਸਮਾਗਮ ਮੰਨਿਆ ਜਾ ਰਿਹਾ ਹੈ। ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਕਿਹਾ ਕਿ ਮਨੁੱਖੀ ਦੁੱਖ-ਦਰਦ ਦੀ ਕੋਈ ਸਰਹੱਦ, ਧਰਮ ਜਾਂ ਕੌਮ ਨਹੀਂ ਹੁੰਦੀ ਅਤੇ ਸਿੱਖ ਸੰਗਤ ਇਸ ਦੁਖਦਾਈ ਘਟਨਾ ਵਿੱਚ ਪਰਿਵਾਰ ਨਾਲ ਖੜ੍ਹੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਬ੍ਰਿਟਿਸ਼ ਅਦਾਲਤ ਵੱਲੋਂ ਦੋਸ਼ੀ ਨੂੰ ਸਜ਼ਾ ਸੁਣਾਈ ਜਾ ਚੁੱਕੀ ਹੈ, ਪਰ ਇਸ ਘਟਨਾ ਨੂੰ ਬਹਾਨਾ ਬਣਾਕੇ ਪੂਰੇ ਸਿੱਖ ਭਾਈਚਾਰੇ ਜਾਂ ਸਿੱਖ ਧਰਮ ਨੂੰ ਨਿਸ਼ਾਨਾ ਬਣਾਉਣਾ ਗਲਤ ਹੈ। ਸਰਨਾ ਨੇ ਸਪੱਸ਼ਟ ਕੀਤਾ ਕਿ ਅਦਾਲਤ ਵਿੱਚ ਪੇਸ਼ ਸਬੂਤਾਂ ਅਨੁਸਾਰ ਹੈਨਰੀ ਨੋਵਾਕ ਦੀ ਹੱਤਿਆ ਸਿੱਖ ਕਿਰਪਾਨ ਨਾਲ ਨਹੀਂ, ਸਗੋਂ ਇੱਕ ਹੋਰ ਕਿਸਮ ਦੇ ਹਥਿਆਰ ਨਾਲ ਕੀਤੀ ਗਈ ਸੀ। ਸਮਾਗਮ ਨੂੰ ਸੰਬੋਧਨ ਕਰਦਿਆਂ ਯੂਨਾਇਟਡ ਸਿੱਖਸ ਯੂਕੇ ਦੇ ਡਾਇਰੈਕਟਰ ਸਰਦਾਰ ਹਰਮੀਤ ਸ਼ਾਹ ਸਿੰਘ ਨੇ ਕਿਹਾ ਕਿ ਹੈਨਰੀ ਨੋਵਾਕ ਦੀ ਹੱਤਿਆ ਇੱਕ ਗੰਭੀਰ ਅਪਰਾਧ ਸੀ ਅਤੇ ਅਦਾਲਤੀ ਪ੍ਰਕਿਰਿਆ ਰਾਹੀਂ ਇਨਸਾਫ਼ ਹੋ ਚੁੱਕਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਮਾਮਲੇ ਨੂੰ ਸਿੱਖ ਧਰਮ ਜਾਂ ਕਿਰਪਾਨ ਵਿਰੁੱਧ ਨਫ਼ਰਤ ਫੈਲਾਉਣ ਲਈ ਵਰਤਣ ਦੀ ਬਜਾਏ ਸੱਚਾਈ, ਪਾਰਦਰਸ਼ਤਾ ਅਤੇ ਆਪਸੀ ਸਮਝ ਨੂੰ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ। ਸਮਾਗਮ ਦੇ ਅੰਤ ਵਿੱਚ ਹੈਨਰੀ ਨੋਵਾਕ ਦੇ ਪਰਿਵਾਰ ਦੀ ਹੌਸਲਾ ਅਫ਼ਜ਼ਾਈ ਅਤੇ ਸਮਾਜ ਵਿੱਚ ਅਮਨ ਤੇ ਭਾਈਚਾਰੇ ਲਈ ਅਰਦਾਸ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਮਨਜੀਤ ਸਿੰਘ ਜੀਕੇ, ਜਤਿੰਦਰ ਸਿੰਘ ਸੋਨੂੰ, ਸਤਨਾਮ ਸਿੰਘ ਖੀਵਾ, ਤਜਿੰਦਰ ਸਿੰਘ ਗੋਪਾ, ਅਮਰੀਕ ਸਿੰਘ ਵਿਕਾਸਪੁਰੀ, ਪਰਮਜੀਤ ਸਿੰਘ ਵੀਰਜੀ, ਗੁਰਮੀਤ ਸਿੰਘ ਫਿਲੀਪੀਨਸ, ਐਸਜੀਪੀਸੀ ਸਿੱਖ ਮਿਸ਼ਨ ਦਿੱਲੀ ਦੇ ਜਸਵੀਰ ਸਿੰਘ ਲੌਂਗੋਵਾਲ ਸਮੇਤ ਵਡੀ ਗਿਣਤੀ ਵਿਚ ਸੰਗਤਾਂ ਹਾਜਿਰ ਸਨ।

# ਦਮਦਮੀ ਟਕਸਾਲ ਵਿੱਖੇ ਸੰਤ ਸਮਾਜ ਵੱਲੋਂ ਲੰਗਰ ਅਤੇ ਫ਼ਲ ਫਰੂਟ ਦੀ ਸੇਵਾ ਕੀਤੀ





**ਚੌਂਕ ਮਹਿਤਾ, 10 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੰਤ ਸਮਾਜ ਮਾਂਝਾ ਜੋਨ ਵੱਲੋਂ ਛੋਲੇ ਪੂੜੀਆਂ ਅਤੇ ਫਲ ਫਰੂਟ ਦੇ ਖੁੱਲ੍ਹੇ ਲੰਗਰ ਬੜੀ ਸ਼ਰਧਾ ਭਾਵਨਾ ਨਾਲ ਲਗਾਇਆ । ਇਹ ਲੰਗਰ ਸਵੇਰੇ ,9 ਵਜੇ ਤੋਂ ਸ਼ਾਮ 5 ਵਜੇ ਤੱਕ ਸੰਗਤਾਂ ਵਿੱਚ ਬਹੁਤ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਸੰਤਾਂ ਮਹਾਂਪੁਰਖਾ ਵੱਲੋਂ ਆਪ ਆਪਣੇ ਹੱਥੀਂ ਸਾਰੀ ਦਿਹਾੜੀ ਸੇਵਾ ਕੀਤੀ ,ਇਸ ਮੌਕੇ ਤੇ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਬੋਪਾਰਾਏ ਵਾਲੇ,ਸੰਤ ਸਮਾਜ ਦੇ ਮੁੱਖ ਬੁਲਾਰੇ ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ ਸੰਪਰਦਾਇ ਹਰਖੋਵਾਲ, ਸੰਤ ਬਾਬਾ ਭਿੰਡਰ ਜੀ, ਬਾਬਾ ਸੁਖਵੰਤ ਸਿੰਘ ਚੰਨਣਕੇ ,ਸੰਤ ਬਾਬਾ ਗੁਰਦੇਵ ਸਿੰਘ ਡੇਰਾ ਭਗਤਾਂ ਦਾ ਤਰਸਿੱਕਾ ਵਾਲੇ, ਸੰਤ ਬਾਬਾ ਮਲਕੀਤ ਸਿੰਘ ਜੱਬੋਵਾਲ ਵਾਲੇ, ਸੰਤ ਬਾਬਾ ਕਵਲਜੀਤ ਸਿੰਘ ਨਾਗੀਆਨਾ ਸਾਹਿਬ ਵਾਲੇ, ਸੰਤ ਬਾਬਾ ਗੁਰਦੀਦਾਰ ਸਿੰਘ ਭੂਰੀ ਵਾਲੇ, ਸੰਤ ਬਾਬਾ ਸਵਿੰਦਰ ਸਿੰਘ ਟਾਹਲੀ ਸਾਹਿਬ ਵਾਲੇ, ਸੰਤ ਬਾਬਾ ਮਨਮੋਹਨ ਸਿੰਘ ਭੰਗਾਲੀ ਕਲਾਂ ਵਾਲੇ, ਸੰਤ ਬਾਬਾ ਲਖਬੀਰ ਸਿੰਘ ਭੰਗਾਲੀ ਕਲਾਂ ਵਾਲੇ, ਸੰਤ ਬਾਬਾ ਵਰਿੰਦਰ ਮੁੱਨੀ ਫੇਰੂਮਾਨ ਵਾਲੇ, ਸੰਤ ਬਾਬਾ ਸਰਦਾਰਾ ਸਿੰਘ ਮੱਖਣਵਿੰਡੀ ਕਾਰਸੇਵਾ ਵਾਲੇ, ਸੰਤ ਬਾਬਾ ਮੇਜਰ ਸਿੰਘ ਟਾਹਲੀ ਸਾਹਿਬ ਵਾਲੇ, ਸੰਤ ਬਾਬਾ ਨਵਤੇਜ ਸਿੰਘ ਚੇਲੇਆਨਾ ਸਾਹਿਬ ਵਾਲੇ, ਸ਼ਰਨ ਖੁਜਾਲਾ, ਹਰਪ੍ਰੀਤ ਸਿੰਘ ਖੁਜਾਲਾ, ਸੰਤ ਬਾਬਾ ਗੁਰਮੀਤ ਸਿੰਘ ਬੱਦੋਵਾਲ ਆਦਿ ਸੰਤ ਮਹਾਂਪੁਰਖ ਹਾਜ਼ਰ ਸਨ

# ਪੰਜਾਬ ਦੇ ਸਰਬ ਪੱਖੀ ਵਿਕਾਸ ਕਾਰਜਾਂ ਲਈ ਕਾਂਗਰਸ ਪਾਰਟੀ ਬਚਨਵੱਧ : ਚੱਕ



**ਸੇਰਪੁਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੀ ਧਰਤੀ ਨੇ ਹਮੇਸ਼ਾ ਇਨਕਲਾਬੀ ਅਤੇ ਸੂਝਵਾਨ ਸੋਚ ਨੂੰ ਜਨਮ ਦਿੱਤਾ ਹੈ,ਪਰ ਮੌਜੂਦਾ ਸਰਕਾਰ ਦੀਆਂ ਅਸਫਲਤਾਵਾਂ ਕਾਰਨ ਪੰਜਾਬ ਨੂੰ ਇਸ ਸਮੇਂ ਜਿਸ ਵਿਕਾਸ ਦੀ ਲੋੜ ਹੈ ਉਹ ਅਧੂਰਾ ਹੈ। ਕਾਂਗਰਸ ਪਾਰਟੀ ਹਮੇਸ਼ਾ ਸਮਾਜ ਦੇ ਸਾਰੇ ਵਰਗਾਂ ਨੂੰ ਨਾਲ ਲੈ ਕੇ ਚੱਲਣ ਅਤੇ ਪੰਜਾਬ ਦਾ ਚਿਹਰਾ ਬਦਲਣ ਲਈ ਵਚਨਬੱਧ ਰਹੀ ਹੈ ਅਤੇ ਭਵਿੱਖ ਵਿੱਚ ਵੀ ਅਜਿਹਾ ਕਰਦੀ ਰਹੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਕੰਵਲਜੀਤ ਸਿੰਘ ਚੱਕ ਪ੍ਰਮੁੱਖ ਦਾਅਵੇਦਾਰ ਹਲਕਾ ਮਹਿਲ ਕਲਾਂ ਕਾਂਗਰਸ ਪਾਰਟੀ ਨੇ ਕੀਤਾ ।ਉਨ੍ਹਾਂ ਕਿਹਾ ਕਿ ਰਾਜਨੀਤੀ ਵਿੱਚੋਂ ਨੈਤਿਕ ਕਦਰਾਂ-ਕੀਮਤਾਂ ਗਾਇਬ ਹੁੰਦੀਆਂ ਜਾ ਰਹੀਆਂ ਹਨ। ਜਿਸ ਤਰ੍ਹਾਂ ਮਨੁੱਖੀ ਜੀਵਨ ਵਿੱਚ ਨਿਰਸਵਾਰਥ ਰਿਸ਼ਤੇ ਅਤੇ ਦੋਸਤੀ ਸਭ ਤੋਂ ਕੀਮਤੀ ਹੁੰਦੀ ਹੈ,ਉਸੇ ਤਰ੍ਹਾਂ ਨੇਤਾਵਾਂ ਅਤੇ ਜਨਤਾ ਵਿਚਕਾਰ ਸੇਵਾ ਅਤੇ ਵਿਸ਼ਵਾਸ ਦਾ ਰਿਸ਼ਤਾ ਰਾਜਨੀਤੀ ਵਿੱਚ ਸਭ ਤੋਂ ਪਵਿੱਤਰ ਹੋਣਾ ਚਾਹੀਦਾ ਹੈ । ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਟੁੱਟੀਆਂ ਸੜਕਾਂ,ਪੀਣ ਵਾਲੇ ਪਾਣੀ ਦੀ ਘਾਟ ਅਤੇ ਸਿਹਤ ਸੰਭਾਲ ਦੀ ਘਾਟ ਵਰਗੀਆਂ ਬੁਨਿਆਦੀ ਸਹੂਲਤਾਂ ਨਾਲ ਜੂਝ ਰਹੇ ਹਨ । ਉਨ੍ਹਾਂ ਸਾਰੇ ਕਾਂਗਰਸੀ ਵਰਕਰਾਂ ਅਤੇ ਪੰਜਾਬ ਦੇ ਸੂਝਵਾਨ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਦੀ ਖੁਸ਼ਹਾਲੀ,ਸ਼ਾਂਤੀ ਅਤੇ ਵਿਕਾਸ ਲਈ ਇੱਕਜੁੱਟ ਹੋ ਕੇ ਕੰਮ ਕਰਨ।




ਜਨਮ ਦਿਨ ਮੁਬਾਰਕ

ਪੱਤਰਕਾਰ ਵਰੁਣ ਸੋਨੀ
ਜੰਡਿਆਲਾ ਗੁਰੂ

ਵਲੋਂ :- ਵਰਿੰਦਰ ਸਿੰਘ ਮਲਹੋਤਰਾ
ਪ੍ਰਧਾਨ ਜੰਡਿਆਲਾ ਪ੍ਰੈਸ ਕਲੱਬ (ਰਜਿ)
ਪੱਤਰਕਾਰ ਕੁਲਵੰਤ ਸਿੰਘ ਵਿਰਦੀ

## ਤਲਵੰਡੀ ਸਾਬੋ ਵਿਖੇ

# ਨਸ਼ਾ ਛੁਡਾਊ ਕੇਂਦਰ ਮੁੜ ਖੋਲ੍ਹਣ ਦੀਆਂ ਤਿਆਰੀਆਂ ਮੁਕੰਮਲ- ਐਸ ਐਮ ਓ ਤਲਵੰਡੀ ਸਾਬੋ






**ਤਲਵੰਡੀ ਸਾਬੋ, 10 ਜੂਨ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ "ਯੁੱਧ ਨਸ਼ਿਆਂ ਵਿਰੁੱਧ ਮੁਹਿੰਮ" ਤਹਿਤ ਖੇਤਰ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿਚੋਂ ਕੱਢਣ ਲਈ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਿਆ ਗਿਆ ਹੈ। ਸਿਹਤ ਮੰਤਰੀ ਡਾ ਬਲਬੀਰ ਸਿੰਘ ਅਤੇ ਪੰਜਾਬ ਸਰਕਾਰ ਦੀ ਹਲਕਾ ਵਿਧਾਇਕ, ਚੀਫ਼ ਵਿਪ ਪ੍ਰੋ. ਬਲਜਿੰਦਰ ਕੌਰ ਤਲਵੰਡੀ ਸਾਬੋ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਗੁਪਤਾ ਦੀ ਯੋਗ ਅਗਵਾਈ ਹੇਠ ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਵਿਖੇ ਨਸ਼ਾ ਛੁਡਾਊ ਕੇਂਦਰ (ਡੀ-ਅਡਿਕਸ਼ਨ ਸੈਂਟਰ) ਜੋ ਕਿ ਲੰਬੇ ਸਮੇਂ ਤੋਂ ਬੰਦ ਸੀ, ਉਸਦਾ ਨਵੀਨੀਕਰਨ ਦਾ ਕੰਮ ਹੁਣ ਮੁਕੰਮਲ ਹੋਣ ਦੇ ਨੇੜੇ ਹੈ ਅਤੇ ਜਲਦ ਹੀ ਇਹ ਕੇਂਦਰ ਲੋਕਾਂ ਦੀ ਸੇਵਾ ਲਈ ਸਮਰਪਿਤ ਕੀਤਾ ਜਾਵੇਗਾ। ਇਸ ਪ੍ਰੋਜੈਕਟ ਨੂੰ ਸਾਕਾਰ ਕਰਨ ਵਿੱਚ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਗੁਪਤਾ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਗਏ। ਉਨ੍ਹਾਂ ਵੱਲੋਂ ਸਿਹਤ ਵਿਭਾਗ ਨਾਲ ਲਗਾਤਾਰ ਪੱਤਰ ਵਿਹਾਰ ਕੀਤਾ ਗਿਆ ਅਤੇ ਖ਼ੁਦ ਉੱਚ ਅਧਿਕਾਰੀਆਂ ਨਾਲ ਮੁਲਾਕਾਤ ਕਰਕੇ ਕੇਂਦਰ ਲਈ ਮਨਜ਼ੂਰੀ ਦੀ ਪ੍ਰਕਿਰਿਆ ਨੂੰ ਅੱਗੇ ਵਧਾਇਆ ਗਿਆ। ਇਨ੍ਹਾਂ ਯਤਨਾਂ ਦੇ ਸਿੱਟੇ ਵਜੋਂ ਡਾਇਰੈਕਟਰ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਵੱਲੋਂ ਕੇਂਦਰ ਨੂੰ ਰਸਮੀ ਪ੍ਰਵਾਨਗੀ ਦਿੱਤੀ ਗਈ। ਇਸ ਤੋਂ ਬਾਅਦ ਇਮਾਰਤ ਦੀ ਮੁਰੰਮਤ, ਨਵੀਨੀਕਰਨ ਅਤੇ ਆਧੁਨਿਕ ਉਪਕਰਨਾਂ ਦੀ ਖਰੀਦ ਲਈ ਲੋੜੀਂਦੇ ਫੰਡ ਜਾਰੀ ਕੀਤੇ ਗਏ। ਪਿਛਲੇ ਇੱਕ ਮਹੀਨੇ ਤੋਂ ਜੰਗੀ ਪੱਧਰ 'ਤੇ ਚੱਲ ਰਹੇ ਕੰਮ ਤਹਿਤ ਇਮਾਰਤ ਦੀ ਕਾਇਆ-ਕਲਪ ਕੀਤੀ ਗਈ ਹੈ ਅਤੇ ਲੋੜੀਂਦੇ ਸਾਜ਼ੋ-ਸਾਮਾਨ ਦੀ ਸਥਾਪਨਾ ਵੀ ਲਗਭਗ ਪੂਰੀ ਹੋ ਚੁੱਕੀ ਹੈ। ਡਾ. ਰਵੀ ਕਾਂਤ ਗੁਪਤਾ ਨੇ ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਕੋਲ ਕੇਂਦਰ ਦੀ ਜਲਦ ਇੰਸਪੈਕਸ਼ਨ ਕਰਵਾਉਣ ਦੀ ਮੰਗ ਰੱਖੀ ਹੈ। ਇਸ ਸਬੰਧੀ ਸਿਵਲ ਸਰਜਨ ਨੇ ਭਰੋਸਾ ਦਿਵਾਇਆ ਹੈ ਕਿ ਨਿਰੀਖਣ ਦੀ ਪ੍ਰਕਿਰਿਆ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕਰਵਾਇਆ ਜਾਵੇਗਾ ਤਾਂ ਜੋ ਕੇਂਦਰ ਨੂੰ ਜਲਦ ਤੋਂ ਜਲਦ ਲਾਇਸੈਂਸ ਜਾਰੀ ਕੀਤਾ ਜਾ ਸਕੇ। ਜ਼ਿਕਰਯੋਗ ਹੈ ਕਿ ਐਸ.ਡੀ.ਐੱਚ. ਤਲਵੰਡੀ ਸਾਬੋ ਵਿਖੇ ਪਿਛਲੇ 5-6 ਸਾਲਾਂ ਤੋਂ ਮਨੋ ਰੋਗਾਂ ਦੇ ਮਾਹਿਰ (ਸਾਈਕਾਇਟ੍ਰਿਸਟ) ਡਾ ਅੰਕੁਰ ਸਿੰਗਲਾ ਵੱਲੋਂ ਨਿਯਮਿਤ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਕੇਂਦਰ ਲਈ ਲੋੜੀਂਦੇ ਸਟਾਫ਼ ਦੀ ਨਿਯੁਕਤੀ ਵੀ ਕੀਤੀ ਜਾ ਚੁੱਕੀ ਹੈ। ਸਿਹਤ ਵਿਭਾਗ ਦੇ ਅਧਿਕਾਰੀਆਂ ਅਨੁਸਾਰ ਇੰਸਪੈਕਸ਼ਨ ਅਤੇ ਲਾਇਸੈਂਸ ਮਿਲਣ ਉਪਰੰਤ ਕੇਂਦਰ ਵਿੱਚ ਮਰੀਜ਼ਾਂ ਨੂੰ ਦਾਖ਼ਲ ਕਰਕੇ ਨਸ਼ਾ ਮੁਕਤੀ ਅਤੇ ਮੁੜ ਵਸੇਬੇ ਦੀਆਂ ਸੇਵਾਵਾਂ ਸ਼ੁਰੂ ਕਰ ਦਿੱਤੀਆਂ ਜਾਣਗੀਆਂ। ਐਸ.ਐਮ.ਓ ਤਲਵੰਡੀ ਸਾਬੋ ਦੇ ਅਨੁਸਾਰ ਇੰਸਪੈਕਸ਼ਨ ਅਤੇ ਲਾਇਸੈਂਸ ਮਿਲਣ ਉਪਰੰਤ ਕੇਂਦਰ ਨੂੰ ਸ਼ੁਰੂਆਤੀ ਪੜਾਅ ਵਿੱਚ 10 ਬਿਸਤਰਿਆਂ ਵਾਲੇ ਨਸ਼ਾ ਛੁਡਾਊ ਕੇਂਦਰ ਵਜੋਂ ਚਲਾਇਆ ਜਾਵੇਗਾ। ਭਵਿੱਖ ਵਿੱਚ ਮਰੀਜ਼ਾਂ ਦੀ ਲੋੜ ਅਤੇ ਸੇਵਾਵਾਂ ਦੇ ਵਿਸਤਾਰ ਨੂੰ ਧਿਆਨ ਵਿੱਚ ਰੱਖਦੇ ਹੋਏ ਇਸ ਦੀ ਸਮਰੱਥਾ ਵਧਾ ਕੇ 20 ਬਿਸਤਰਿਆਂ ਤੱਕ ਕੀਤੀ ਜਾਵੇਗੀ। ਕੇਂਦਰ ਸ਼ੁਰੂ ਹੋਣ ਨਾਲ ਨਸ਼ੇ ਦੀ ਲਤ ਨਾਲ ਜੂਝ ਰਹੇ ਮਰੀਜ਼ਾਂ ਨੂੰ ਦਾਖ਼ਲ ਕਰਕੇ ਇਲਾਜ, ਕਾਊਂਸਲਿੰਗ, ਮੁੜ ਵਸੇਬੇ ਅਤੇ ਮਾਨਸਿਕ ਸਿਹਤ ਸੇਵਾਵਾਂ ਇੱਕੋ ਛੱਤ ਹੇਠ ਉਪਲਬਧ ਹੋਣਗੀਆਂ। ਇਲਾਕੇ ਦੇ ਲੋਕਾਂ ਦਾ ਮੰਨਣਾ ਹੈ ਕਿ ਇਹ ਕੇਂਦਰ ਨਾ ਸਿਰਫ਼ ਤਲਵੰਡੀ ਸਾਬੋ ਸਗੋਂ ਆਸ-ਪਾਸ ਦੇ ਪੇਂਡੂ ਖੇਤਰਾਂ ਲਈ ਵੀ ਇੱਕ ਵੱਡੀ ਸਹੂਲਤ ਸਾਬਤ ਹੋਵੇਗਾ ਅਤੇ ਨਸ਼ਿਆਂ ਖ਼ਿਲਾਫ਼ ਪੰਜਾਬ ਸਰਕਾਰ ਦੀ ਮੁਹਿੰਮ ਨੂੰ ਹੋਰ ਮਜ਼ਬੂਤੀ ਮਿਲੇਗੀ। ਇਲਾਕੇ ਦੇ ਲੋਕਾਂ ਦਾ ਮੰਨਣਾ ਹੈ ਕਿ ਇਸ ਕੇਂਦਰ ਦੇ ਸ਼ੁਰੂ ਹੋਣ ਨਾਲ ਨਸ਼ਿਆਂ ਖ਼ਿਲਾਫ਼ ਚੱਲ ਰਹੀ ਸਰਕਾਰੀ ਮੁਹਿੰਮ ਨੂੰ ਵੱਡਾ ਬਲ ਮਿਲੇਗਾ ਅਤੇ ਨਸ਼ੇ ਦੀ ਲਤ ਨਾਲ ਜੂਝ ਰਹੇ ਨੌਜਵਾਨਾਂ ਨੂੰ ਆਪਣੇ ਹੀ ਇਲਾਕੇ ਵਿੱਚ ਮਿਆਰੀ ਇਲਾਜ ਅਤੇ ਕਾਊਂਸਲਿੰਗ ਦੀ ਸਹੂਲਤ ਉਪਲਬਧ ਹੋ ਸਕੇਗੀ।

## ਸਾਥੀ ਮੁਲਾਜ਼ਮ ਨੂੰ ਰਲੀਵ ਕਰਨ ਦੀ ਮੰਗ ਨਾਲ

# ਪਾਵਰਕੌਮ ਕਾਮਿਆਂ ਨੇ ਅੱਜ ਫਿਰ ਕੀਤਾ ਰੋਹ ਮੁਜ਼ਾਹਰਾ



ਫ਼ਿਰੋਜ਼ਪੁਰ, 10 ਜੂਨ (ਮਨੋਹਰ ਲਾਲ) :— ਪੰਜਾਬ ਰਾਜ ਬਿਜਲੀ ਬੋਰਡ ਇੰਮਪਲਾਈਜ਼ ਫੈਡਰੇਸ਼ਨ ਸਰਕਲ ਫ਼ਿਰੋਜ਼ਪੁਰ ਵੱਲੋਂ ਸਬ ਅਰਬਨ ਮੰਡਲ ਫ਼ਿਰੋਜ਼ਪੁਰ ਵਿਖੇ ਵਧੀਕ ਨਿਗਰਾਨ ਇੰਜੀਨੀਅਰ ਸਬ ਅਰਬਨ ਮੰਡਲ ਫ਼ਿਰੋਜ਼ਪੁਰ ਖਿਲਾਫ ਰੋਸ ਧਰਨਾ ਦਿੱਤਾ ਗਿਆ। ਰੋਹ ਮੁਜ਼ਾਹਰਾ ਕਰਦਿਆਂ ਆਗੂਆਂ ਨੇ ਕਿਹਾ ਕਿ ਜਿਨ੍ਹਾਂ ਚਿਰ ਮੋਹਿਤ ਅਗਰਵਾਲ ਆਰ.ਏ ਨੂੰ ਰਲੀਵ ਨਹੀਂ ਕੀਤਾ ਜਾਂਦਾ, ਉਨ੍ਹੀ ਦੇਰ ਵਧੀਕ ਨਿਗਰਾਨ ਇੰਜੀਨੀਅਰ ਮੰਡਲ ਸਬ ਅਰਬਨ ਫ਼ਿਰੋਜ਼ਪੁਰ ਅਤੇ ਉਪ ਮੰਡਲ ਅਫਸਰ ਸਬ ਅਰਬਨ ਸਬ ਡਵੀਜਨ ਫ਼ਿਰੋਜ਼ਪੁਰ ਦੇ ਖਿਲਾਫ ਰੋਸ ਪ੍ਰਦਰਸ਼ਨ ਜਾਰੀ ਰਹੇਗਾ। ਇਸ ਧਰਨੇ ਦੌਰਾਨ ਅਸ਼ਵਨੀ ਕੁਮਾਰ ਤੇ ਸਤੀਸ਼ ਕੁਮਾਰ, ਜ਼ੋਨ ਆਗੂ ਰਾਜੇਸ਼ ਦੱਤਾ, ਸਰਕਲ ਆਗੂ ਰਾਜੇਸ਼ ਸੈਣੀ, ਸਰਕਲ ਆਗੂ ਤਿਰਲੋਚਨ ਸਿੰਘ, ਅਮੋਲਕ ਸਿੰਘ, ਰੋਸ਼ਨ ਲਾਲ ਕੁਲਵੰਤ ਸਿੰਘ, ਰੋਹਿਤ ਦੇਵਗਨ, ਬਲਵੰਤ ਸਿੰਘ ਬਿੱਟੂ, ਰਜਿੰਦਰ ਸਿੰਘ, ਹਰਜਿੰਦਰ ਸਿੰਘ, ਰਾਮਸੁਖ, ਰਾਜੇਸ਼ ਕੁਮਾਰ, ਰਣਵੀਰ ਸਿੰਘ, ਨੰਦ ਲਾਲ, ਸੁਖਦੇਵ ਸਿੰਘ, ਸਾਹਿਲ ਚਾਵਲਾ, ਰਜਿੰਦਰ ਕੁਮਾਰ ਆਦਿ ਆਗੂਆਂ ਨੇ ਕਿਹਾ ਕਿ ਉਪ ਮੰਡਲ ਅਫਸਰ ਅਤੇ ਵਧੀਕ ਨਿਗਰਾਨ ਇੰਜੀਨੀਅਰ ਸਬ ਅਰਬਨ ਮੰਡਲ ਫ਼ਿਰੋਜ਼ਪੁਰ ਦੀ ਮਿਲੀਭੁਗਤ ਨਾਲ ਸਾਥੀ ਮੋਹਿਤ ਅਗਰਵਾਲ ਨੂੰ ਰਲੀਵ ਨਹੀਂ ਕੀਤਾ ਜਾ ਰਿਹਾ। ਮੁਜ਼ਾਹਰਾਕਾਰੀਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜਿਨ੍ਹਾਂ ਚਿਰ ਆਰ.ਏ ਨੂੰ ਰਲੀਵ ਨਹੀਂ ਕੀਤਾ ਜਾਂਦਾ, ਉਨ੍ਹੀ ਦੇਰ ਰੋਸ ਪ੍ਰਦਰਸ਼ਨ, ਧਰਨੇ ਜਾਰੀ ਰਹਿਣਗੇ ਅਤੇ ਲੋੜ ਪੈਣ ਤੇ ਚਲਦਾ ਕੰਮ—ਕਾਜ ਵੀ ਠੱਪ ਕੀਤਾ ਜਾਵੇਗਾ, ਜਿਸ ਦੀ ਜਾਣਕਾਰੀ ਉੱਚ ਅਫਸਰਾਂ ਨੂੰ ਦਿੱਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਚੱਲ ਰਹੇ ਸੰਘਰਸ਼ ਦੌਰਾਨ ਨਿਕਲਣ ਵਾਲੇ ਸਿੱਟਿਆਂ ਦੀ ਜਿੰਮੇਵਾਰੀ ਵਧੀਕ ਨਿਗਰਾਨ ਇੰਜ: ਸਬ ਅਰਬਨ ਮੰਡਲ ਫ਼ਿਰੋਜ਼ਪੁਰ ਅਤੇ ਉਪ ਮੰਡਲ ਅਫਸਰ ਸਬ ਅਰਬਨ ਫ਼ਿਰੋਜ਼ਪੁਰ ਦੀ ਹੋਵੇਗੀ। ਆਗੂਆਂ ਨੇ ਕਿਹਾ ਕਿ ਜੇਕਰ ਸਾਥੀ ਨੂੰ ਰਲੀਵ ਨਾ ਕੀਤਾ ਤਾਂ ਧਰਨੇ ਦੀ ਅਗਲੀ ਰੂਪ ਰੇਖਾ ਤਿਆਰ ਕਰਕੇ ਨਿਗਰਾਨ ਇੰਜੀਨੀਅਰ ਹਲਕਾ ਫ਼ਿਰੋਜ਼ਪੁਰ ਖਿਲਾਫ ਵੀ ਧਰਨਾ ਦਿੱਤਾ ਜਾਵੇਗਾ।

# ਭਾਜਪਾ ਦੇ ਐਕਟਿਵ ਮੈਂਬਰ ਨੇ ਸਾਰੇ ਅਹੁਦਿਆਂ ਸਮੇਤ ਮੁੱਢਲੀ ਮੈਂਬਰਸ਼ਿਪ ਤੋਂ ਦਿੱਤਾ ਅਸਤੀਫਾ



**ਫ਼ਿਰੋਜ਼ਪੁਰ, 10 ਜੂਨ (ਮਨੋਹਰ ਲਾਲ) :—** ਭਾਰਤੀ ਜਨਤਾ ਪਾਰਟੀ ਦੇ ਚੋਣ ਨਿਸ਼ਾਨ ਤੇ ਬਲਾਕ ਸੰਮਤੀ ਦੀ ਚੋਣ ਲੜਣ ਵਾਲੇ ਅਤੇ ਪਾਰਟੀ ਦੇ ਸਾਬਕਾ ਕਨਵੀਨਰ ਸੋਸ਼ਲ ਮੀਡੀਆ ਵਿਧਾਨ ਸਭਾ ਹਲਕਾ ਫ਼ਿਰੋਜ਼ਪੁਰ ਦਿਹਾਤੀ ਤੇ ਐਕਟਿਵ ਮੈਂਬਰ ਭਾਰਤੀ ਜਨਤਾ ਪਾਰਟੀ ਫ਼ਿਰੋਜ਼ਪੁਰ ਨੇ ਆਪਣੇ ਸਾਰੇ ਅਹੁਦਿਆਂ ਤੋਂ ਦਿੱਤਾ ਅਸਤੀਫਾ। ਇਹ ਅਸਤੀਫਾ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਬਾਠ ਨੂੰ ਭੇਜਣ ਸਮੇਤ ਮੀਡੀਆ ਨਾਲ ਸਾਂਝਾ ਕਰਦਿਆਂ ਜਗਦੀਪ ਸਿੰਘ ਬੁੱਕਣ ਵਾਲਾ ਨੇ ਦੱਸਿਆ ਕਿ ਉਹ ਪਾਰਟੀ ਲਈ ਲੰਬੇ ਅਰਸੇ ਤੋਂ ਕੰਮ ਕਰਦਾ ਆ ਰਿਹਾ ਹੈ ਅਤੇ ਉਸ ਨੇ ਲੋਕ ਸਭਾ ਚੋਣਾਂ ਦੌਰਾਨ ਵੀ ਪਾਰਟੀ ਦੇ ਹਿੱਤ ਵਿਚ ਕੰਮ ਕਰਦੇ ਹੋਏ ਜਿਥੇ ਇਲਾਕਾ ਨਿਵਾਸੀਆਂ ਨੂੰ ਭਾਜਪਾ ਨਾਲ ਜੋੜਿਆ, ਉਥੇ ਉਮੀਦਵਾਰ ਨੂੰ 100 ਵੋਟਾਂ ਪੁਆਈਆਂ ਸਨ।

ਗੱਲਬਾਤ ਕਰਦਿਆਂ ਜਗਦੀਪ ਸਿੰਘ ਬੁੱਕਣ ਵਾਲਾ ਨੇ ਦੱਸਿਆ ਕਿ ਉਹ ਆਪਣੀਆਂ ਸਾਰੀਆਂ ਜਿੰਮੇਵਾਰੀਆਂ ਸਮੇਤ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਇਸ ਕਰਕੇ ਅਸਤੀਫਾ ਦੇ ਰਿਹਾ ਹੈ ਕਿਉਂਕਿ ਪਿਛਲੇ ਦਿਨੀਂ ਬਲਾਕ ਸੰਮਤੀ ਚੋਣ ਲੜਣ ਦੌਰਾਨ ਉਸ ਦੇ ਵਿਰੋਧੀਆਂ ਵੱਲੋਂ ਜਾਅਲੀ ਵੋਟਾਂ ਪਾਉਣ ਨੂੰ ਲੈ ਕੇ ਉਸ ਉਪਰ ਜਾਨਲੇਵਾ ਹਮਲਾ ਕਰ ਦਿੱਤਾ ਸੀ। ਉਨ੍ਹਾਂ ਕਿਹਾ ਕਿ ਇਸ ਦੌਰਾਨ ਵਿਰੋਧੀਆਂ ਵੱਲੋਂ ਜਿਥੇ ਉਸ ਦੀ ਛਾਤੀ ਵਿਚ ਕਿਰਚਾਂ ਮਾਰੀਆਂ ਗਈਆਂ, ਉਥੇ ਉਸ ਦੇ ਕੇਸਾਂ ਦੀ ਬੇਅਦਬੀ ਕਰਦੇ ਹੋਏ ਜਾਤੀ ਸੂਚਕ ਗਾਲ੍ਹਾਂ ਵੀ ਕੱਢੀਆਂ ਅਤੇ ਮੌਕੇ ਪਰ ਪੁੱਜੇ ਐਸ.ਪੀ.ਡੀ ਮਨਜੀਤ ਸਿੰਘ ਤੇ ਐਸ.ਐਚ.ਓ ਕੁਲਗੜ੍ਹੀ ਦਵਿੰਦਰ ਸਿੰਘ ਗਰਚਾ ਨੇ ਕਾਰਵਾਈ ਦਾ ਵਿਸਵਾਸ਼ ਦਿਵਾ ਕੇ ਹਸਪਤਾਲ ਭੇਜਿਆ ਗਿਆ, ਜਿਥੇ ਉਸ ਦਾ ਇਲਾਜ ਹੋਇਆ ਅਤੇ ਡਾਕਟਰਾਂ ਵੱਲੋਂ ਐਮ.ਐਲ.ਆਰ ਕੱਟੀ ਗਈ, ਜਿਸ ਦੇ ਚਲਦਿਆਂ ਉਸ ਨੇ ਪੁਲਿਸ ਅਧਿਕਾਰੀਆਂ ਤੇ ਥਾਣੇ ਦੇ ਬਹੁਤ ਚੱਕਰ ਕੱਢੇ। ਉਸ ਨੇ ਕਿਹਾ ਕਿ ਇਨਸਾਫ ਲੈਣ ਲਈ ਉਸ ਦਾ ਪਾਰਟੀ ਦੇ ਸੀਨੀਅਰ ਆਗੂਆਂ ਸਮੇਤ ਜ਼ਿਲ੍ਹਾ ਜਥੇਬੰਦੀ ਦੇ ਦਫਤਰਾਂ ਦੇ ਵੀ ਚੱਕਰ ਕੱਢਦਾ ਰਿਹਾ, ਪਰ ਕਿਸੇ ਨੇ ਗੱਲ ਨਾ ਸੁਣੀ ਅਤੇ ਦਲਿਤ ਹੋਣ ਦਾ ਖਮਿਆਜਾ ਭੁਗਤਨਾ ਪਿਆ। ਗੱਲਬਾਤ ਕਰਦਿਆਂ ਜਗਦੀਪ ਸਿੰਘ ਬੁੱਕਣ ਵਾਲਾ ਨੇ ਕਿਹਾ ਕਿ ਪੁਲਿਸ ਵੱਲੋਂ ਦੋਸ਼ੀਆਂ ਦੀ ਮਿਲੀਭੁਗਤ ਕਰਕੇ ਸਿਰਫ ਡਾਇਰੀ ਰਿਪੋਰਟ ਹੀ ਕੱਟੀ ਗਈ ਅਤੇ ਅੱਜ ਤੱਕ ਇਨਸਾਫ ਨਹੀਂ ਦਿੱਤਾ ਗਿਆ, ਜਿਸ ਕਰਕੇ ਉਸ ਨੇ ਪਾਰਟੀ ਦੇ ਸਾਰੇ ਅਹੁਦਿਆਂ ਤੋਂ ਅਸਤੀਫਾ ਦੇਣਾ ਸਹੀ ਸਮਝਿਆ। ਉਨ੍ਹਾਂ ਕਿਹਾ ਕਿ ਮੇਰੇ ਵੱਲੋਂ ਚੋਣ ਲੜਣ ਦੌਰਾਨ ਵੀ ਕਿਸੇ ਆਗੂ ਵੱਲੋਂ ਮੇਰੇ ਹੱਕ ਵਿਚ ਚੋਣ ਪ੍ਰਚਾਰ ਨਹੀਂ ਕੀਤਾ ਗਿਆ, ਜਦੋਂ ਕਿ ਉਹ ਪਾਰਟੀ ਲਈ ਦਿਨ—ਰਾਤ ਮਿਹਨਦ ਕਰਦਾ ਰਿਹਾ ਹੈ।

# ਫਿਰੋਜ਼ਪੁਰ—ਫਾਜ਼ਿਲਕਾ ਸੜਕ ਨੂੰ ਰਾਸ਼ਟਰੀ ਰਾਜਮਾਰਗ ਬਣਾਉਣ ਵੱਲ ਵੱਡਾ ਕਦਮ, ਡੀ.ਪੀ.ਆਰ. ਤਿਆਰ ਕਰਨ ਦੇ ਨਿਰਦੇਸ਼



ਫ਼ਿਰੋਜ਼ਪੁਰ, 10 ਜੂਨ (ਮਨੋਹਰ ਲਾਲ) :— ਭਾਜਪਾ ਦੇ ਰਾਸ਼ਟਰੀ ਕਾਰਜਕਾਰਨੀ ਮੈਂਬਰ ਅਤੇ ਪੰਜਾਬ ਦੇ ਸਾਬਕਾ ਮੰਤਰੀ ਰਾਣਾ ਗੁਰਮੀਤ ਸਿੰਘ ਸੋਢੀ ਦੇ ਯਤਨਾਂ ਨੂੰ ਵੱਡੀ ਸਫਲਤਾ ਮਿਲੀ ਹੈ। ਉਨ੍ਹਾਂ ਵੱਲੋਂ ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨੂੰ ਪੱਤਰ ਲਿਖ ਕੇ ਫਿਰੋਜ਼ਪੁਰ—ਫਾਜ਼ਿਲਕਾ ਸੜਕ ਨੂੰ ਚਾਰ ਮਾਰਗੀ ਬਣਾਉਣ ਅਤੇ ਇਸ ਨੂੰ ਰਾਸ਼ਟਰੀ ਰਾਜਮਾਰਗ ਘੋਸ਼ਿਤ ਕਰਨ ਦੀ ਮੰਗ ਕੀਤੀ ਗਈ ਸੀ। ਇਸ ਸਬੰਧੀ ਕੇਂਦਰੀ ਗ੍ਰਹਿ ਮੰਤਰੀ ਦੇ ਨਿੱਜੀ ਸਕੱਤਰ ਪਵਨ ਯਾਦਵ ਵੱਲੋਂ ਭੇਜੇ ਗਏ ਪੱਤਰ ਵਿੱਚ ਦੱਸਿਆ ਕਿ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰਾਲੇ ਨੇ ਇਸ ਮਾਰਗ ਦੀ ਤਕਨੀਕੀ ਸਮੀਖਿਆ ਕਰ ਲਈ ਹੈ।

ਗੱਲਬਾਤ ਕਰਦਿਆਂ ਰਾਣਾ ਗੁਰਮੀਤ ਸਿੰਘ ਸੋਢੀ ਨੇ ਦੱਸਿਆ ਕਿ ਪੱਤਰ ਅਨੁਸਾਰ ਰਾਸ਼ਟਰੀ ਸੁਰੱਖਿਆ, ਰਣਨੀਤਿਕ ਮਹੱਤਤਾ ਅਤੇ ਵੱਧ ਰਹੇ ਟ੍ਰੈਫਿਕ ਨੂੰ ਧਿਆਨ ਵਿੱਚ ਰੱਖਦਿਆਂ ਭਾਰਤੀ ਰਾਸ਼ਟਰੀ ਰਾਜਮਾਰਗ ਪ੍ਰਾਧੀਕਰਨ ਨੂੰ ਇਸ ਸੜਕ ਖੰਡ ਲਈ ਵਿਸਤ੍ਰਿਤ ਪ੍ਰੋਜੈਕਟ ਰਿਪੋਰਟ (ਡੀ.ਪੀ.ਆਰ) ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ ਅਤੇ ਡੀ.ਪੀ.ਆਰ ਪੂਰੀ ਹੋਣ ਉਪਰੰਤ ਪ੍ਰੋਜੈਕਟ 'ਤੇ ਅਗਲੀ ਕਾਰਵਾਈ ਸ਼ੁਰੂ ਕੀਤੀ ਜਾਵੇਗੀ। ਰਾਣਾ ਗੁਰਮੀਤ ਸਿੰਘ ਸੋਢੀ ਨੇ ਕਿਹਾ ਕਿ ਫਿਰੋਜ਼ਪੁਰ—ਫਾਜ਼ਿਲਕਾ ਮਾਰਗ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼ ਅਤੇ ਗੁਜਰਾਤ ਨੂੰ ਜੋੜਨ ਵਾਲਾ ਇੱਕ ਮਹੱਤਵਪੂਰਨ ਰਸਤਾ ਹੈ। ਸੜਕ ਦੇ ਤੰਗ ਹੋਣ ਕਾਰਨ ਇੱਥੇ ਅਕਸਰ ਹਾਦਸੇ ਵਾਪਰਦੇ ਰਹਿੰਦੇ ਹਨ। ਹਾਲ ਹੀ ਵਿੱਚ ਹੋਏ ਭਿਆਨਕ ਸੜਕ ਹਾਦਸੇ ਵਿੱਚ 10 ਲੋਕਾਂ ਦੀ ਮੌਤ ਨੇ ਇਸ ਮਾਰਗ ਦੇ ਵਿਸਥਾਰ ਦੀ ਲੋੜ ਨੂੰ ਹੋਰ ਵੀ ਸਪੱਸ਼ਟ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸੜਕ ਚੌੜੀ ਹੋਣ ਨਾਲ ਨਾ ਸਿਰਫ਼ ਹਾਦਸਿਆਂ ਵਿੱਚ ਕਮੀ ਆਵੇਗੀ, ਸਗੋਂ ਖੇਤਰ ਦੇ ਵਪਾਰ, ਸੈਰ ਸਪਾਟੇ ਅਤੇ ਵਿਕਾਸ ਨੂੰ ਵੀ ਨਵੀਂ ਰਫ਼ਤਾਰ ਮਿਲੇਗੀ। ਰਾਣਾ ਸੋਢੀ ਨੇ ਕੇਂਦਰ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਪ੍ਰੋਜੈਕਟ ਸਰਹੱਦੀ ਖੇਤਰ ਦੇ ਲੋਕਾਂ ਲਈ ਇੱਕ ਵੱਡੀ ਸੌਗਾਤ ਸਾਬਤ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫਤਹਿ॥
ਨਾ ਸਰੋ ਮਨਸੂਰ ਗੁਰੂ ਗੋਬਿੰਦ ਸਿੰਘ ਜੀ॥

# ਪੰਥ ਅਕਾਲੀ ਤਰਨਾ ਦਲ

ਚਲਦਾ ਵਹੀਰ ਚੱਕਰਵਤੀ ਨਿਹੰਗ ਸਿੰਘ ਪੰਜਾਬ ਹਿੰਦੁਸਤਾਨ
ਰਜਿ: ਨੋਟੀਫਿਕੇਸ਼ਨ ਨੰ: ਐਕਸ.ਐਕਸ.ਆਈ. ੧੯੬੦ ਗੌਰਮਿੰਟ ਮਿਸਲ ਸ਼ਹੀਦ ਬਾਬਾ ਬੋਤਾ ਸਿੰਘ ਜੀ
ਬਾਬਾ ਗਰਜਾ ਸਿੰਘ ਜੀ ਪੜਾਅ ਨਿਹੰਗ ਸਿੰਘ ਛਾਉਣੀ

## ਸੱਦਾ ਪੱਤਰ

ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਪਾ:੧ ਅਤੇ
ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਪਾ:੬ ਦੀ ਚਰਨ ਛੂਹ ਪ੍ਰਾਪਤ

## ਗੁਰਦੁਆਰਾ ਟਿੱਬਾ ਸਾਹਿਬ, ਪਿੰਡ ਭੋਲ ਬਾਘੇ


ਸੱਚਖੰਡ ਵਾਸੀ ਸਿੰਘ ਸਾਹਿਬ ਬਾਬਾ ਦਲਬੀਰ ਸਿੰਘ ਜੀ
ਮੁਕਤਸਰ ਸਾਹਿਬ ਵਾਲੇ

ਤਹਿ: ਬਟਾਲਾ, ਗੁਰਦਾਸਪੁਰ ਵਿਖੇ

# ਉਸਾਰੀ ਦਾ ਨੀਂਹ ਪੱਥਰ

## 16 ਜੂਨ 2026, ਦਿਨ ਮੰਗਲਵਾਰ ਨੂੰ

ਸੰਗਤਾਂ ਦੇ ਸਹਿਯੋਗ ਅਤੇ ਬੜੀ ਸਰਧਾ ਭਾਵਨਾ ਨਾਲ ਰੱਖਿਆ ਜਾਵੇਗਾ।

:: ਪਹੁੰਚ ਰਹੇ ਮਹਾਂਪੁਰਸ਼ ::

ਸਿੰਘ ਸਾਹਿਬ ਜੱਥੇਦਾਰ ਕੁਲਦੀਪ ਸਿੰਘ ਗੜਗੱਜ
ਸ੍ਰ. ਹਰਜਿੰਦਰ ਸਿੰਘ ਧਾਮੀ, ਪ੍ਰਧਾਨ SGPC
ਸ੍ਰੀ ਮਾਨ ਸੰਤ ਜੀਤ ਸਿੰਘ ਜੀ ਜੌਹਲਾਂ ਵਾਲੇ
ਸ੍ਰੀ ਮਾਨ ਸੰਤ ਬਾਬਾ ਅਵਤਾਰ ਸਿੰਘ ਜੀ ਦਲ ਪੰਥ ਬਾਬਾ ਬਿਧੀ ਚੰਦ ਜੀ
ਸ੍ਰੀ ਮਾਨ ਜੱਥੇਦਾਰ ਬਾਬਾ ਜੋਗਾ ਸਿੰਘ ਜੀ, ਮੁਖੀ ਤਰਨਾ ਦਲ, ਬਾਬਾ ਬਕਾਲਾ ਸਾਹਿਬ

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਮਾਨ ਸੰਤ ਬਾਬਾ ਪਰਮਜੀਤ ਸਿੰਘ ਜੀ, ਹੰਸਾਲੀ ਵਾਲੇ
ਸ੍ਰੀ ਮਾਨ ਜੱਥੇਦਾਰ ਸੰਤ ਬਾਬਾ ਜਗਿੰਦਰ ਸਿੰਘ ਜੀ, ਰਕਬੇ ਵਾਲੇ
ਸ੍ਰੀ ਮਾਨ ਜੱਥੇਦਾਰ ਸੰਤ ਬਾਬਾ ਮੇਜਰ ਸਿੰਘ ਜੀ, ਮੁਖੀ ਦਸ਼ਮੇਸ਼ ਤਰਨਾ ਦਲ
ਸ੍ਰੀ ਮਾਨ ਸੰਤ ਬਾਬਾ ਲੀਡਰ ਸਿੰਘ ਜੀ, ਸੈਫਲਾਬਾਦ ਵਾਲੇ
ਸ੍ਰੀ ਮਾਨ ਸੰਤ ਬਾਬਾ ਸੁੱਖਾ ਸਿੰਘ ਜੀ, ਰੜ੍ਹਾ ਸਾਹਿਬ, ਪੱਕਾ ਪੁਲ੍ਹ ਵਾਲੇ


ਮੁੱਖ ਜਥੇਦਾਰ ਬਾਬਾ ਰਣਜੀਤ ਸਿੰਘ ਜੀ
ਮੁਕਤਸਰ ਸਾਹਿਬ ਵਾਲੇ


ਜੱਥੇਦਾਰ ਸੰਤ ਬਾਬਾ ਗੁਰਬਚਨ ਸਿੰਘ ਜੀ
ਅਣਖੀ, ਲੀਵਰ ਪੂਲ ਯੂ.ਕੇ


ਜੱਥੇਦਾਰ ਬਾਬਾ ਗੁਰਪ੍ਰੀਤ ਸਿੰਘ ਜੀ
ਮੁਕਤਸਰ ਸਾਹਿਬ ਵਾਲੇ


ਜੱਥੇਦਾਰ ਬਾਬਾ ਕਰਨ ਸਿੰਘ ਜੀ
ਹਜ਼ਾਰਾ, ਯੂ.ਕੇ

**M: 81464 29412, 76269-10039, 88729 29799**

## ਡਿਜੀਟਲ ਰਾਸ਼ਨ ਕਾਰਡਾਂ ਨਾਲ ਲੋਕਾਂ ਨੂੰ ਹੋਰ ਪਾਰਦਰਸ਼ੀ ਅਤੇ

# ਸੁਚਾਰੂ ਢੰਗ ਨਾਲ ਮਿਲੇਗਾ ਸਰਕਾਰੀ ਸੇਵਾਵਾਂ ਅਤੇ ਸਹੂਲਤਾਂ ਦਾ ਲਾਭ



### ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਦਿੜ੍ਹਬਾ ਹਲਕੇ ਵਿੱਚ 30 ਹਜ਼ਾਰ ਡਿਜੀਟਲ ਰਾਸ਼ਨ ਕਾਰਡ ਵੰਡਣ ਦੀ ਸ਼ੁਰੂਆਤ

**ਦਿੜ੍ਹਬਾ ( ਰਣਜੀਤ ਸਿੰਘ ਪੇਧਨੀ )**-ਕੈਬਨਿਟ ਮੰਤਰੀ ਸ੍ਰ ਹਰਪਾਲ ਸਿੰਘ ਚੀਮਾ ਨੇ ਇੱਥੇ ਅਟਵਾਲ ਪੈਲੇਸ ਵਿਖੇ ਕਰਵਾਏ ਸਮਾਗਮ ਦੌਰਾਨ ਦਿੜ੍ਹਬਾ ਹਲਕੇ ਵਿੱਚ 30 ਹਜ਼ਾਰ ਡਿਜੀਟਲ ਰਾਸ਼ਨ ਕਾਰਡ ਵੰਡਣ ਦੀ ਸ਼ੁਰੂਆਤ ਕੀਤੀ। ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਡਿਜੀਟਲ ਰਾਸ਼ਨ ਕਾਰਡਾਂ ਨਾਲ ਲੋਕਾਂ ਨੂੰ ਸਰਕਾਰੀ ਸੇਵਾਵਾਂ ਅਤੇ ਸਹੂਲਤਾਂ ਦਾ ਲਾਭ ਹੋਰ ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਮਿਲ ਸਕੇਗਾ। ਉਹਨਾਂ ਕਿਹਾ ਕਿ ਜਦੋਂ ਤਕ ਲਾਭਪਾਤਰੀਆਂ ਨੂੰ ਨਵੇਂ ਡਿਜੀਟਲ ਰਾਸ਼ਨ ਕਾਰਡ ਨਹੀਂ ਮਿਲ ਜਾਂਦੇ, ਉਦੋਂ ਤਕ ਪੁਰਾਣੇ ਰਾਸ਼ਨ ਕਾਰਡ ਚਲਦੇ ਰਹਿਣਗੇ। ਸਮਾਗਮ ਦੌਰਾਨ ਰਸਮੀ ਤੌਰ ਉੱਤੇ ਕੁਝ ਰਾਸ਼ਨ ਕਾਰਡ ਕੈਬਨਿਟ ਮੰਤਰੀ ਵੱਲੋਂ ਕੁਝ ਲਾਭਪਾਤਰੀਆਂ ਨੂੰ ਸੌਂਪੇ ਗਏ, ਜਦਕਿ ਬਾਕੀ ਰਾਸ਼ਨ ਕਾਰਡ ਪੰਚਾਂ ਸਰਪੰਚਾਂ ਨੂੰ ਸੌਂਪ ਕੇ ਸਾਰੇ ਯੋਗ ਲਾਭਪਾਤਰੀਆਂ ਤਕ ਪੁੱਜਦੇ ਕਰਨ ਦੀ ਜ਼ਿੰਮੇਵਾਰੀ ਲਾਈ ਗਈ। ਕੈਬਨਿਟ ਮੰਤਰੀ ਨੇ ਕਿਹਾ ਕਿ ਦੇਸ਼ ਭਰ ਵਿੱਚ ਲੋੜਵੰਦ ਪਰਿਵਾਰਾਂ ਨੂੰ ਪੌਸ਼ਟਿਕ ਖੁਰਾਕ ਦੇਣ ਲਈ ਸਭ ਤੋਂ ਵੱਡੀਆਂ ਪਹਿਲਕਦਮੀਆਂ ਵਿੱਚੋਂ ਇਕ 'ਮੇਰੀ ਰਸੋਈ' ਸਕੀਮ ਹੇਠ ਸੂਬੇ ਦੇ ਲਗਪਗ 40 ਲੱਖ ਗਰੀਬ ਅਤੇ ਆਰਥਿਕ ਤੌਰ ਉਤੇ ਕਮਜ਼ੋਰ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਦਿੱਤੀਆਂ ਜਾ ਰਹੀਆਂ ਹਨ। ਸ੍ਰ. ਚੀਮਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਭਲਾਈ ਉਪਰਾਲਿਆਂ ਨੂੰ ਸਿਰਫ਼ ਕਣਕ ਅਤੇ ਦਾਲਾਂ ਦੀ ਵੰਡ ਤੱਕ ਸੀਮਤ ਕਰ ਦਿੱਤਾ ਸੀ, ਜਦੋਂ ਕਿ ਪੰਜਾਬ ਸਰਕਾਰ ਨੇ ਇਹ ਯਕੀਨੀ ਬਣਾਉਣ ਲਈ ਵਿਆਪਕ ਉਪਰਾਲਾ ਕੀਤਾ ਹੈ ਕਿ ਲੋੜਵੰਦ ਪਰਿਵਾਰਾਂ ਦੀਆਂ ਰਸੋਈਆਂ ਵਿੱਚ ਰੋਜ਼ਾਨਾ ਲੋੜਾਂ ਲਈ ਲੋੜੀਂਦੀਆਂ ਸਾਰੀਆਂ ਜ਼ਰੂਰੀ ਵਸਤਾਂ ਮੌਜੂਦ ਰਹਿਣ। 'ਮੇਰੀ ਰਸੋਈ' ਸਕੀਮ ਤਹਿਤ ਹਰੇਕ ਲਾਭਪਾਤਰੀ ਪਰਿਵਾਰ ਨੂੰ ਹਰ ਤਿੰਨ ਮਹੀਨਿਆਂ ਵਿੱਚ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀ ਰਾਸ਼ਨ ਕਿੱਟ ਮਿਲ ਰਹੀ ਹੈ, ਜਿਸ ਵਿੱਚ ਸਰ੍ਹੋਂ ਦਾ ਤੇਲ, ਦਾਲ, ਖੰਡ, ਲੂਣ, ਹਲਦੀ ਅਤੇ ਘਰੇਲੂ ਰਸੋਈ ਚਲਾਉਣ ਲਈ ਲੋੜੀਂਦੀਆਂ ਹੋਰ ਜ਼ਰੂਰੀ ਵਸਤਾਂ ਸ਼ਾਮਲ ਹਨ। ਇਹ ਯੋਜਨਾ ਆਮ ਪਰਿਵਾਰਾਂ ਦੀਆਂ ਆਮ ਜ਼ਰੂਰਤਾਂ, ਖਾਸ ਕਰਕੇ ਘਰੇਲੂ ਜ਼ਿੰਮੇਵਾਰੀਆਂ ਸੰਭਾਲਣ ਵਾਲੀਆਂ ਔਰਤਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੀ ਗਈ ਹੈ। ਮਜ਼ਬੂਤ ਤੇ ਖੁਸ਼ਹਾਲ ਪੰਜਾਬ ਤਾਂ ਹੀ ਬਣਾਇਆ ਜਾ ਸਕਦਾ ਹੈ, ਜਦੋਂ ਹਰ ਘਰ ਦੀ ਰਸੋਈ ਚਲਦੀ ਰਹੇ ਅਤੇ ਕੋਈ ਵੀ ਬੱਚਾ ਭੁੱਖਾ ਨਾ ਸੌਂਵੇ। ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਚਾਹੁੰਦੀ ਹੈ ਕਿ ਹਰ ਘਰ ਵਿੱਚ ਪੌਸ਼ਟਿਕ ਤੇ ਜ਼ਰੂਰੀ ਭੋਜਨ ਪਦਾਰਥਾਂ ਦੀ ਪਹੁੰਚ ਹੋਵੇ ਤਾਂ ਜੋ ਬੱਚੇ ਸਾਰੇ ਲੁੜੀਂਦੇ ਤੱਤਾਂ ਨਾਲ ਭਰਪੂਰ ਖੁਰਾਕ ਦੀ ਘਾਟ ਕਾਰਨ ਕਮਜ਼ੋਰੀ ਦਾ ਸ਼ਿਕਾਰ ਨਾ ਹੋਣ। ਪਾਰਦਰਸ਼ੀ ਡਿਲੀਵਰੀ ਪ੍ਰਣਾਲੀਆਂ, ਮਿਆਰੀ ਭੋਜਨ ਕਿੱਟਾਂ ਅਤੇ ਆਰਥਿਕ ਤੌਰ 'ਤੇ ਗਰੀਬ ਵਰਗਾਂ ਤਕ ਵਿਆਪਕ ਪਹੁੰਚ ਰਾਹੀਂ, ਪੰਜਾਬ ਸਰਕਾਰ ਨੇ ਸਿਹਤਮੰਦ, ਮਜ਼ਬੂਤ ਅਤੇ ਰੱਜਿਆ ਪੁੱਜਿਆ ਪੰਜਾਬ ਬਣਾਉਣ ਦੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਜੇਕਰ ਕਿਸੇ ਨੂੰ ਵੀ ਨਵੇਂ ਡਿਜੀਟਲ ਕਾਰਡ ਲੈਣ ਵਿੱਚ ਕੋਈ ਦਿੱਕਤ ਆਉਂਦੀ ਹੈ ਤਾਂ ਉਹ ਉਹਨਾਂ ਨਾਲ ਰਾਬਤਾ ਕਰ ਸਕਦੇ ਹਨ। ਲੋਕਾਂ ਨੂੰ ਕਿਸੇ ਵੀ ਕਿਸਮ ਦੀ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ, ਜੇਕਰ ਕਿਸੇ ਨੂੰ ਕੋਈ ਦਿੱਕਤ ਆਉਂਦੀ ਵੀ ਹੈ ਤਾਂ ਉਹ ਫੌਰੀ ਹੱਲ ਕੀਤੀ ਜਾਵੇਗੀ। ਇਸ ਮੌਕੇ ਕੈਬਨਿਟ ਮੰਤਰੀ ਸ੍ਰ ਹਰਪਾਲ ਸਿੰਘ ਚੀਮਾ ਦੇ ਓ.ਐਸ.ਡੀ. ਤਪਿੰਦਰ ਸਿੰਘ ਸੋਹੀ, ਨਗਰ ਸੁਧਾਰ ਟਰਸਟ ਸੰਗਰੂਰ ਦੇ ਚੇਅਰਮੈਨ ਪ੍ਰੀਤਮ ਸਿੰਘ ਪੀਤੂ, ਮਾਰਕੀਟ ਕਮੇਟੀ ਦਿੜ੍ਹਬਾ ਦੀ ਚੇਅਰਪਰਸਨ ਜਸਵੀਰ ਕੌਰ ਸ਼ੇਰਗਿੱਲ, ਮਾਰਕੀਟ ਕਮੇਟੀ ਸੂਲਰ ਘਰਾਟ ਦੇ ਚੇਅਰਮੈਨ ਹਰਵਿੰਦਰ ਸਿੰਘ ਛਾਜਲੀ, ਐਸ.ਡੀ.ਐਮ. ਦਿੜ੍ਹਬਾ ਸ਼੍ਰੀ ਤਰਸੇਮ ਚੰਦ, ਡੀ.ਐਸ.ਪੀ. ਦਿੜ੍ਹਬਾ ਡਾ. ਰੁਪਿੰਦਰ ਕੌਰ ਸਮੇਤ ਵਿਭਾਗਾਂ ਦੇ ਅਧਿਕਾਰੀ, ਸਰਪੰਚ, ਪੰਚ, ਅਤੇ ਹੋਰ ਪਤਵੰਤੇ ਹਾਜ਼ਰ ਸਨ।

## ਗੁਰੂ ਕਾਸ਼ੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਵੱਲੋਂ

# ਡਾ. ਧੀਮਾਨ ਦੀ ਬੱਚਿਆਂ ਲਈ ਪ੍ਰੇਰਣਾਦਾਇਕ ਪੁਸਤਕ ਦਾ ਲੋਕ ਅਰਪਣ

ਤਲਵੰਡੀ ਸਾਬੋ, 10 ਜੂਨ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਨੇ ਯੂਨੀਵਰਸਿਟੀ ਵਿਖੇ ਆਯੋਜਿਤ ਇੱਕ ਸਮਾਗਮ ਦੌਰਾਨ ਡਾ. ਜਗਤਾਰ ਸਿੰਘ ਧੀਮਾਨ ਦੁਆਰਾ ਲਿਖੀ ਪੁਸਤਕ "ਲਿਟਲ ਲੈਸਨਜ਼, ਬਿਗ ਡ੍ਰੀਮਜ਼: ਐਵਰੀ ਸਟੈਪ ਕਾਊਂਟਸ" ਦਾ ਲੋਕ ਅਰਪਣ ਕੀਤਾ। ਇਸ ਮੌਕੇ ਪਰੋ. ਵਾਈਸ ਚਾਂਸਲਰ ਡਾ. ਪੀਯੂਸ਼ ਵਰਮਾ, ਡੀਨ ਅਕਾਦਮਿਕ ਡਾ. ਜਾਵੇਦ ਅਹਿਮਦ ਖਾਨ, ਵੱਖ-ਵੱਖ ਵਿਭਾਗਾਂ ਦੇ ਡੀਨ, ਡਾਇਰੈਕਟਰ, ਫੈਕਲਟੀ ਮੈਂਬਰ ਅਤੇ ਹੋਰ ਅਕਾਦਮਿਕ ਆਗੂ ਹਾਜ਼ਰ ਸਨ। ਇਸ ਮੌਕੇ ਲੇਖਕ ਨੂੰ ਵਧਾਈ ਦਿੰਦਿਆਂ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਨੇ ਇਸ ਪੁਸਤਕ ਨੂੰ ਬੱਚਿਆਂ ਦੇ ਸਰਵਪੱਖੀ ਵਿਕਾਸ ਅਤੇ ਚਰਿੱਤਰ ਨਿਰਮਾਣ ਵਿੱਚ ਮਹੱਤਵਪੂਰਨ ਯੋਗਦਾਨ ਕਰਾਰ ਦਿੱਤਾ। ਉਹਨਾਂ ਕਿਹਾ ਕਿ ਤੇਜ਼ੀ ਨਾਲ ਬਦਲ ਰਹੇ ਤਕਨੀਕੀ ਯੁੱਗ ਅਤੇ ਸਮਾਜਿਕ ਚੁਣੌਤੀਆਂ ਦੇ ਦੌਰ ਵਿੱਚ ਅਜਿਹੇ ਸਾਹਿਤ ਦੀ ਲੋੜ ਹੋਰ ਵੀ ਵੱਧ ਜਾਂਦੀ ਹੈ ਜੋ ਬੱਚਿਆਂ ਵਿੱਚ ਨੈਤਿਕ ਕਦਰਾਂ-ਕੀਮਤਾਂ, ਆਤਮ-ਵਿਸ਼ਵਾਸ, ਸੰਵੇਦਨਸ਼ੀਲਤਾ ਅਤੇ ਲਚਕਤਾ ਦਾ ਵਿਕਾਸ ਕਰੇ। ਉਹਨਾਂ ਵਿਸ਼ਵਾਸ ਪ੍ਰਗਟਾਇਆ ਕਿ ਇਹ ਪੁਸਤਕ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਲਈ ਇੱਕ ਮਹੱਤਵਪੂਰਨ ਮਾਰਗਦਰਸ਼ਕ ਸਾਬਤ ਹੋਵੇਗੀ। ਉਹਨਾਂ ਇਹ ਵੀ ਕਿਹਾ ਲਿਟਲ ਲੈਸਨਜ਼, ਬਿਗ ਡ੍ਰੀਮਜ਼ ਵਰਗੀਆਂ ਪੁਸਤਕਾਂ ਭਵਿੱਖ ਦੇ ਜ਼ਿੰਮੇਵਾਰ, ਆਤਮ-ਵਿਸ਼ਵਾਸੀ ਅਤੇ ਮੁੱਲ ਅਧਾਰਿਤ ਨਾਗਰਿਕਾਂ ਦੀ ਸਿਰਜਣਾ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਲੇਖਕ, ਪ੍ਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਨੇ ਦੱਸਿਆ ਕਿ ਇਹ ਪੁਸਤਕ ਮੁੱਖ ਤੌਰ ਤੇ ਸਕੂਲੀ ਵਿਦਿਆਰਥੀਆਂ, ਖ਼ਾਸ ਕਰਕੇ ਜਮਾਤ 10+2 ਤੱਕ ਦੇ ਬੱਚਿਆਂ ਲਈ ਲਿਖੀ ਗਈ ਹੈ। ਇਸ ਦਾ ਉਦੇਸ਼ ਨੌਜਵਾਨ ਮਨਾਂ ਨੂੰ ਸਧਾਰਨ ਪਰ ਗਹਿਰੇ ਜੀਵਨ-ਪਾਠਾਂ ਰਾਹੀਂ ਪ੍ਰੇਰਿਤ ਕਰਨਾ ਹੈ, ਜੋ ਉਹਨਾਂ ਵਿੱਚ ਸਵੈ-ਪਛਾਣ, ਦ੍ਰਿੜਤਾ, ਦਇਆ, ਹਿੰਮਤ ਅਤੇ ਜ਼ਿੰਮੇਵਾਰ ਨਾਗਰਿਕਤਾ ਵਰਗੇ ਗੁਣ ਵਿਕਸਿਤ ਕਰਨ ਵਿੱਚ ਸਹਾਇਕ ਹਨ। ਉਹਨਾਂ ਦੱਸਿਆ ਕਿ ਪੁਸਤਕ ਨੂੰ ਪੰਜ ਵਿਸ਼ਾ-ਅਧਾਰਿਤ ਭਾਗਾਂ -ਆਪਣੇ ਆਪ ਨੂੰ ਜਾਣੋ, ਹਰ ਰੋਜ਼ ਵਿਕਾਸ ਕਰੋ, ਦਇਆ, ਚਰਿੱਤਰ, ਚੁਣੌਤੀਆਂ ਦਾ ਸਾਹਮਣਾ ਅਤੇ ਭਵਿੱਖ ਦੀ ਸਿਰਜਣਾ ਵਿੱਚ ਵੰਡਿਆ ਗਿਆ ਹੈ। ਇਹਨਾਂ ਪੰਜ ਭਾਗਾਂ ਵਿੱਚ ਕੁੱਲ 25 ਅਧਿਆਇ ਸ਼ਾਮਲ ਹਨ। ਹਰ ਅਧਿਆਇ ਇੱਕ ਪ੍ਰੇਰਣਾਦਾਇਕ ਨਾਅਰੇ ਨਾਲ ਸ਼ੁਰੂ ਹੁੰਦਾ ਹੈ ਅਤੇ ਪ੍ਰੇਰਣਾਦਾਇਕ ਸਮੱਗਰੀ, ਅਸਲ ਜੀਵਨ ਦੀਆਂ ਉਦਾਹਰਣਾਂ ਅਤੇ ਚਿੰਤਨਸ਼ੀਲ ਵਿਚਾਰਾਂ ਰਾਹੀਂ ਮਹੱਤਵਪੂਰਨ ਜੀਵਨ-ਮੁੱਲਾਂ ਨੂੰ ਪੇਸ਼ ਕਰਦੀ ਹੈ। ਉਹਨਾਂ ਦੱਸਿਆ ਕਿ ਪੁਸਤਕ ਬੱਚਿਆਂ ਨੂੰ ਆਪਣੀਆਂ ਅੰਦਰੂਨੀ ਸ਼ਕਤੀਆਂ ਨੂੰ ਪਛਾਣਨ, ਚੰਗੀਆਂ ਆਦਤਾਂ ਵਿਕਸਿਤ ਕਰਨ, ਅਸਫਲਤਾਵਾਂ ਤੋਂ ਸਿੱਖਣ, ਦਿਆਲਤਾ ਨੂੰ ਅਪਣਾਉਣ ਅਤੇ ਸਮਾਜ ਲਈ ਅਰਥਪੂਰਨ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਦੀ ਹੈ। ਡਾ. ਏ.ਪੀ.ਜੇ. ਅਬਦੁਲ ਕਲਾਮ, ਹੈਲਨ ਕੇਲਰ, ਮਹਾਤਮਾ ਗਾਂਧੀ, ਥਾਮਸ ਐਡੀਸਨ, ਮਲਾਲਾ ਯੂਸਫ਼ਜ਼ਈ ਅਤੇ ਮਦਰ ਟੇਰੇਸਾ ਵਰਗੀਆਂ ਮਹਾਨ ਸ਼ਖਸੀਅਤਾਂ ਦੇ ਜੀਵਨ ਤੋਂ ਪ੍ਰੇਰਣਾ ਲੈਂਦਿਆਂ ਇਹ ਪੁਸਤਕ ਸਦੀਵੀ ਜੀਵਨ-ਮੁੱਲਾਂ ਨੂੰ ਬੱਚਿਆਂ ਲਈ ਰੁਚਿਕਰ ਅਤੇ ਆਸਾਨ ਢੰਗ ਨਾਲ ਪੇਸ਼ ਕਰਦੀ ਹੈ। ਸਮਾਗਮ ਦੌਰਾਨ ਹਾਜ਼ਰ ਸ਼ਖਸੀਅਤਾਂ ਨੇ ਡਾ. ਧੀਮਾਨ ਨੂੰ ਪੁਸਤਕ ਦੇ ਪ੍ਰਕਾਸ਼ਨ ਲਈ ਵਧਾਈ ਦਿੱਤੀ ਅਤੇ ਆਸ ਪ੍ਰਗਟਾਈ ਕਿ ਇਹ ਪੁਸਤਕ ਬੱਚਿਆਂ ਨੂੰ ਵੱਡੇ ਸੁਪਨੇ ਦੇਖਣ, ਆਪਣੀਆਂ ਸਮਰੱਥਾਵਾਂ ਤੇ ਵਿਸ਼ਵਾਸ ਕਰਨ ਅਤੇ ਗਿਆਨ, ਕਰੁਣਾ ਅਤੇ ਉਦੇਸ਼ਪੂਰਨ ਕਾਰਜਾਂ ਰਾਹੀਂ ਸਮਾਜ ਦੀ ਭਲਾਈ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕਰੇਗੀ।




# ਮੁੱਖ ਮੰਤਰੀ ਦਫ਼ਤਰ ਵਿਖੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਸੁਣੀਆਂ ਮੁਸ਼ਕਲਾਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਠੇਕੇਦਾਰੀ ਅਤੇ ਆਊਟਸੋਰਸਿੰਗ ਪ੍ਰਣਾਲੀ ਨੂੰ ਖ਼ਤਮ ਕਰਕੇ ਹਜ਼ਾਰਾਂ ਮੁਲਾਜ਼ਮਾਂ ਨੂੰ ਪੱਕੀ ਨੌਕਰੀ ਦੇਣ ਲਈ ਕੀਤੇ ਇਤਿਹਾਸਿਕ ਫੈਸਲੇ ਦਾ ਦਿਲੋਂ ਸਵਾਗਤ ਕਰਦਿਆ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਮੁੱਖ ਮੰਤਰੀ ਦਫਤਰ ਇੰਚਾਰਜ ਧੂਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਸਰਕਾਰ ਨੇ ਉਹ ਕਰ ਦਿਖਾਇਆ ਹੈ ਜਿਸ ਦੀ ਉਮੀਦ ਸਾਲਾਂ ਤੋਂ ਮੁਲਾਜ਼ਮ ਵਰਗ ਕਰ ਰਿਹਾ ਸੀ। ਇਹ ਸਿਰਫ਼ ਇਕ ਸਰਕਾਰੀ ਫੈਸਲਾ ਨਹੀਂ, ਸਗੋਂ ਹਜ਼ਾਰਾਂ ਪਰਿਵਾਰਾਂ ਦੀ ਜ਼ਿੰਦਗੀ ਵਿਚ ਸਥਿਰਤਾ, ਸੁਰੱਖਿਆ ਅਤੇ ਸਨਮਾਨ ਲਿਆਉਣ ਵਾਲਾ ਇਤਿਹਾਸਕ ਕਦਮ । ਉਨਾ ਕਿਹਾ ਕਿ ਦਹਾਕਿਆਂ ਤੋਂ ਠੇਕੇਦਾਰੀ ਪ੍ਰਣਾਲੀ ਕਾਰਨ ਮੁਲਾਜ਼ਮ ਸ਼ੋਸ਼ਣ ਦਾ ਸ਼ਿਕਾਰ ਹੁੰਦੇ ਰਹੇ, ਉਨ੍ਹਾਂ ਨੂੰ ਨਾ ਪੂਰੀ ਤਨਖਾਹ ਮਿਲਦੀ ਸੀ, ਨਾ ਹੀ ਨੌਕਰੀ ਦੀ ਗਾਰੰਟੀ ਅਤੇ ਨਾ ਹੀ ਸਰਕਾਰੀ ਸਹੂਲਤਾਂ। ਹੁਣ ਪੰਜਾਬ ਸਰਕਾਰ ਨੇ ਵਿਚੋਲਿਆਂ ਦੀ ਭੂਮਿਕਾ ਖ਼ਤਮ ਕਰਕੇ ਮੁਲਾਜ਼ਮਾਂ ਤੇ ਸਰਕਾਰ ਵਿਚਕਾਰ ਸਿੱਧਾ ਸਬੰਧ ਸਥਾਪਿਤ ਕਰਨ ਦਾ ਰਾਹ ਖੋਲ੍ਹ ਦਿੱਤਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਵਰਗ ਨਾਲ ਕੀਤਾ ਵਾਅਦਾ ਪੂਰਾ ਕਰ ਰਹੀ ਹੈ। ਸਿੱਖਿਆ, ਸਿਹਤ, ਬਿਜਲੀ, ਰੁਜ਼ਗਾਰ ਤੇ ਹੁਣ ਮੁਲਾਜ਼ਮ ਭਲਾਈ ਦੇ ਖੇਤਰ ਵਿਚ ਵੀ ਪੰਜਾਬ ਸਰਕਾਰ ਨਵੇਂ ਮਾਪਦੰਡ ਸਥਾਪਿਤ ਕਰ ਰਹੀ ਹੈ। ਇਹ ਫੈਸਲਾ ਪੰਜਾਬ ਦੇ ਇਤਿਹਾਸ 'ਚ ਮੁਲਾਜ਼ਮ ਹਿੱਤਾਂ ਦੀ ਰੱਖਿਆ ਲਈ ਇਕ ਮੀਲ ਪੱਥਰ ਸਾਬਿਤ ਹੋਵੇਗਾ। ਉਨਾ ਕਿਹਾ ਕਿ ਜਿਨ੍ਹਾਂ ਕਰਮਚਾਰੀਆਂ ਨੇ ਆਪਣੀ ਜਵਾਨੀ ਪੰਜਾਬ ਦੀ ਸੇਵਾ ਵਿਚ ਲਗਾ ਦਿੱਤੀ, ਉਨ੍ਹਾਂ ਨੂੰ ਇਨਸਾਫ਼ ਦੇਣਾ ਸਰਕਾਰ ਦੀ ਜ਼ਿੰਮੇਵਾਰੀ ਸੀ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਇਹ ਜ਼ਿੰਮੇਵਾਰੀ ਨਿਭਾਈ ਹੈ। ਇਸ ਫੈਸਲੇ ਨਾਲ ਹਜ਼ਾਰਾਂ ਪਰਿਵਾਰਾਂ ਦਾ ਭਵਿੱਖ ਸੁਰੱਖਿਅਤ ਹੋਵੇਗਾ ਅਤੇ ਨੌਜਵਾਨਾਂ ਵਿਚ ਸਰਕਾਰੀ ਪ੍ਰਣਾਲੀ ਪ੍ਰਤੀ ਵਿਸ਼ਵਾਸ ਹੋਰ ਮਜ਼ਬੂਤ ਹੋਵੇਗਾ। ਇਸ ਮੌਕੇ ਸਰਬਜੀਤ ਸਿੰਘ ਮਾਮਾ, ਚੀਨੂ ਧੀਰ ,ਮਾਣਾ ਗਰੇਵਾਲ, ਭਿੰਦਾ ਵਿਰਕ ਹਾਜ਼ਰ ਸਨ।

# ਸਮਾਧਾਨ ਸਮਾਰੋਹ: ਕੇਸ ਰੈਫਰ ਕਰਨ ਸਬੰਧੀ ਗੂਗਲ ਫਾਰਮ ਜਮ੍ਹਾਂ ਕਰਨ ਦੀ ਆਖਰੀ ਵਿੱਚ ਮਿਤੀ 31 ਜੁਲਾਈ 2026 ਤਕ ਦਾ ਵਾਧਾ

## ਸੁਪਰੀਮ ਕੋਰਟ ਵਿੱਚ ਲੰਬਿਤ ਮਾਮਲਿਆਂ ਵਿੱਚ ਧਿਰਾਂ ਦੀ ਸਹਿਮਤੀ ਨਾਲ, ਆਪਸੀ ਸਮਝੌਤੇ ਰਾਹੀਂ ਨਿਪਟਾਰੇ ਦੀ ਸਹੂਲਤ ਦੇਣਾ ਵਿਸ਼ੇਸ਼ ਲੋਕ ਅਦਾਲਤ ਦਾ ਉਦੇਸ਼

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-'ਭਾਗੀਦਾਰੀ ਨਿਆਂ' ਅਤੇ ਘਰ-ਘਰ ਤਕ ਨਿਆਂ ਦੀ ਦੂਰਅੰਦੇਸ਼ੀ ਨੂੰ ਅੱਗੇ ਵਧਾਉਣ ਲਈ, ਸੁਪਰੀਮ ਕੋਰਟ "Supreme Court Action for Mediated Adjudication and Disputes Harmonization Across Nation" ਸਮਾਧਾਨ ਸਮਾਰੋਹ ਕਰ ਰਹੀ ਹੈ, ਜੋ 21 ਅਪ੍ਰੈਲ, 2026 ਤੋਂ ਸ਼ੁਰੂ ਹੋ ਕੇ 21, 22 ਅਤੇ 23 ਅਗਸਤ, 2026 ਨੂੰ ਵਿਸ਼ੇਸ਼ ਲੋਕ ਅਦਾਲਤ ਲਾਉਣ ਨਾਲ ਸਮਾਪਤ ਹੋਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸੰਗਰੂਰ ਦੇ ਸਕੱਤਰ ਸ਼੍ਰੀ ਅਸ਼ੀਸ਼ ਠਠਈ, ਸਿਵਲ ਜੱਜ (ਸੀਨੀਅਰ ਡਵੀਜ਼ਨ)/ਸੀ.ਜੇ.ਐਮ. ਨੇ ਦੱਸਿਆ ਕਿ ਇਹ ਵਿਸ਼ੇਸ਼ ਲੋਕ ਅਦਾਲਤ ਸੁਪਰੀਮ ਕੋਰਟ ਵਿੱਚ ਲੰਬਿਤ ਮਾਮਲਿਆਂ ਵਿੱਚ ਧਿਰਾਂ ਦੀ ਸਹਿਮਤੀ ਨਾਲ, ਆਪਸੀ ਸਮਝੌਤੇ ਰਾਹੀਂ ਨਿਪਟਾਰੇ ਦੀ ਸਹੂਲਤ ਦੇਣ ਦਾ ਉਦੇਸ਼ ਰੱਖਦੀ ਹੈ। ਉਨ੍ਹਾਂ ਦੱਸਿਆ ਕਿ ਧਿਰਾਂ ਆਪਣੇ ਵਿਵਾਦਾਂ ਦੇ ਨਿਪਟਾਰੇ ਲਈ ਫਿਜ਼ੀਕਲ ਤੌਰ 'ਤੇ ਜਾਂ ਔਨਲਾਈਨ ਪਲੇਟਫਾਰਮ ਰਾਹੀਂ ਵਰਚੁਅਲੀ ਦੋਵੇਂ ਤਰੀਕਿਆਂ ਨਾਲ ਪੇਸ਼ ਹੋ ਸਕਦੀਆਂ ਹਨ। ਇਸ ਵਿਸ਼ੇਸ਼ ਲੋਕ ਅਦਾਲਤ ਵਿੱਚ ਕੇਸ ਲਗਾਉਣ ਦੇ ਤਰੀਕੇ ਬਾਰੇ ਉਨ੍ਹਾਂ ਦੱਸਿਆ ਕਿ ਧਿਰਾਂ ਅਤੇ ਉਨ੍ਹਾਂ ਦੇ ਵਕੀਲ ਨਿਰਧਾਰਿਤ ਗੂਗਲ ਫਾਰਮ ਦੇ ਲਿੰਕ https://forms.gle/woYFFEphGpgiTQGuG ਵਿੱਚ ਆਪਣੇ ਸੁਪਰੀਮ ਕੋਰਟ ਵਿੱਚ ਲੰਬਿਤ ਕੇਸ ਦੀ ਜਾਣਕਾਰੀ ਭਰ ਕੇ ਆਪਣੀ ਬੇਨਤੀ ਦਾਇਰ ਕਰਵਾ ਸਕਦੇ ਹਨ। ਉਨ੍ਹਾਂ ਅੱਗੇ ਦੱਸਿਆ ਕਿ ਸਮਾਧਾਨ ਸਮਾਰੋਹ ਅਧੀਨ ਕੇਸ ਨੂੰ ਰੈਫਰ ਕਰਨ ਲਈ ਗੂਗਲ ਫਾਰਮ ਜਮ੍ਹਾਂ ਕਰਨ ਦੀ ਆਖਰੀ ਮਿਤੀ 31 ਜੁਲਾਈ, 2026 ਤਕ ਵਧਾ ਦਿੱਤੀ ਗਈ ਹੈ। ਇਸ ਦੇ ਨਾਲ ਹੀ ਜ਼ਿਲ੍ਹਾ ਅਥਾਰਟੀ ਦੇ ਸਕੱਤਰ ਨੇ ਸਾਰੇ ਵਕੀਲਾਂ ਅਤੇ ਧਿਰਾਂ ਨੂੰ ਇਸ ਪਹਿਲਕਦਮੀ ਤਹਿਤ ਵਿਵਾਦਾਂ ਦੇ ਪ੍ਰਭਾਵੀ ਨਿਪਟਾਰੇ ਵਿੱਚ ਸਰਗਰਮੀ ਨਾਲ ਭਾਗ ਲੈਣ ਅਤੇ ਯੋਗਦਾਨ ਪਾਉਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਹਰ ਤਰ੍ਹਾਂ ਦੀ ਸਹਾਇਤਾ/ਜਾਣਕਾਰੀ ਲਈ ਵਨ ਸਟਾਪ ਸੈਂਟਰ (ਵਾਰ ਰੂਮ) ਇੰਚਾਰਜ - ਸਮਾਧਾਨ ਸਮਾਰੋਹ (ਵਿਸ਼ੇਸ਼ ਲੋਕ ਅਦਾਲਤ) ਨਾਲ 011-23112428, 011-23112528 'ਤੇ ਜਾਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਫਰੰਟ ਦਫ਼ਤਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਰਿੰਪੀ ਐਸਸੀ ਡਿਪਾਰਟਮੈਂਟ ਦੇ ਬਣੇ ਬਲਾਕ ਪ੍ਰਧਾਨ, ਮੌੜ ਨੇ ਦਿੱਤਾ ਨਿਯੁਕਤੀ ਪੱਤਰ

ਸੇਰਪੁਰ ( ਰਣਜੀਤ ਸਿੰਘ ਪੇਧਨੀ ) ਪੰਜਾਬ ਕਾਂਗਰਸ ਹਾਈ ਕਮਾਨ ਜੀ ਦੇ ਦਿਸਾ ਨਿਰਦੇਸ ਅਨੁਸਾਰ ਪੰਜਾਬ ਐਸਸੀ ਡਿਪਾਰਟਮੈਂਟ ਕਾਂਗਰਸ ਪਾਰਟੀ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਲੱਕੀ ਪੱਖੋਂ ਜੀ ਦੀ ਅਗਵਾਈ ਹੇਠ ਬਲਾਕ ਸੇਰਪੁਰ ਤੋਂ ਰੁਪਿੰਦਰ ਸਿੰਘ ਉਰਫ ਰਿੰਪੀ ਪੁੱਤਰ ਸ੍ਰੀ ਅਜਮੇਰ ਸਿੰਘ ਵਾਸੀ ਟਿੱਬਾ ਜੀ ਨੂੰ ਐਸ ਸੀ ਡਿਪਾਰਟਮੈਂਟ ਬਲਾਕ ਸੇਰਪੁਰ ਦਾ ਨਿਯੁਕਤੀ ਪੱਤਰ ਗੁਰਮੇਲ ਸਿੰਘ ਮੌੜ ਜਿਲਾ ਚੇਅਰਮੈਨ ਐਸ ਸੀ ਡਿਪਾਰਟਮੈਂਟ ਪੰਜਾਬ ਕਾਂਗਰਸ ਪਾਰਟੀ ਬਰਨਾਲਾ ਨੇ ਸੌਂਪਿਆ। ਨਵੇਂ ਬਣੇ ਬਲਾਕ ਚੇਅਰਮੈਨ ਐਸਸੀ ਡਿਪਾਰਟਮੈਂਟ ਰੁਪਿੰਦਰ ਸਿੰਘ ਉਰਫ ਰਿੰਪੀ ਨੂੰ ਜਿਹੜਾ ਚੇਅਰਮੈਨ ਗੁਰਮੇਲ ਸਿੰਘ ਮੌੜ ਨੇ ਕਿਹਾ ਤੁਸੀਂ ਕਾਂਗਰਸ ਪਾਰਟੀ ਲਈ ਦਿਨ ਰਾਤ ਕੰਮ ਕਰੋ ਅਤੇ ਇਸ ਮੌਕੇ ਪੰਜਾਬ ਕਾਰਜਕਾਰੀ ਐਸਿਡ ਪਾਰਟਮੈਂਟ ਬਣੀ ਖੈਰਾ ਪੰਜਾਬ ਜਨਰਲ ਸੈਕਟਰੀ ਰਵੀ ਸਿੰਘ ਆਦੀਵਾਲ ਸੁਖਪਾਲ ਸਿੰਘ ਸੈਕਟਰੀ ਪੰਜਾਬ ਬਲਾਕ ਸੇਰਪੁਰ ਦੇ ਬਲਾਕ ਪ੍ਰਧਾਨ ਜਸਮੈਲ ਸਿੰਘ ਬੜੀ ਬਹਾਦਰ ਸਿੰਘ ਢੱਡਾ ਕਿਸਾਨ ਸੈੱਲ ਪਰਗਟ ਸਿੰਘ ਜਨਰਲ ਸੈਕਟਰੀ ਇੰਦਰਜੀਤ ਸਿੰਘ ਟਿੱਬਾ ਹਰਬੰਸ ਸਿੰਘ ਟਿੱਬਾ ਚਮਕੌਰ ਸਿੰਘ ਸ਼ੇਰਪੁਰ ਸੁਖਵਿੰਦਰ ਸਿੰਘ ਖੇੜੀ ਖੁਰਦ ਨਛੱਤਰ ਸਿੰਘ ਇਕਵਾਲ ਸਿੰਘ ਜਸਨਦੀਪ ਸਿੰਘ ਦਾਰਾ ਸਿੰਘ ਗੰਡੇਵਾਲ ਹਾਕਮ ਸਿੰਘ ਸਾਬਕਾ ਸਰਪੰਚ ਗੰਡੇਵਾਲ ਹਾਜ਼ਰ ਸਨ।



## ਪੰਜਾਬੀ ਭਾਸ਼ਾ ਵਿਰੋਧੀ ਫੈਸਲਿਆਂ ਖ਼ਿਲਾਫ਼

# ਸਾਂਝੇ ਅਤੇ ਵਿਸ਼ਾਲ ਸੰਘਰਸ਼ ਦੀ ਲੋੜ - ਮੂਲ ਚੰਦ ਸ਼ਰਮਾ




**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨੂੰ ਦਿਨੋਂ ਦਿਨ ਲੱਗ ਰਹੇ ਖੋਰੇ ਲਈ ਸਮੇਂ ਦੀਆਂ ਕੇਂਦਰੀ ਤੇ ਰਾਜ ਸਰਕਾਰਾਂ ਦੇ ਨਾਲ਼ ਨਾਲ਼ ਬਹੁ ਗਿਣਤੀ ਪੰਜਾਬੀ ਖ਼ੁਦ ਵੀ ਜ਼ਿੰਮੇਵਾਰ ਹਨ । ਰਾਜ ਵਿਚਲੇ ਸੈਨਿਕ ਸਕੂਲਾਂ ਵਿੱਚੋਂ ਪੰਜਾਬੀ ਨੂੰ ਲਾਜ਼ਮੀ ਵਿਸ਼ੇ ਵਜੋਂ ਬੰਦ ਕਰਕੇ ਵਾਧੂ ਵਿਸ਼ਾ ਕਰਨਾ , ਸੂਬਾ ਸਰਕਾਰ ਵੱਲੋਂ ਪੰਜਾਬ ਰਾਜ ਭਾਸ਼ਾ ਐਕਟ 2008 ਨੂੰ ਅਮਲੀ ਰੂਪ ਵਿੱਚ ਲਾਗੂ ਨਾ ਕਰਨਾ ਅਤੇ ਲੋਕਾਂ ਵੱਲੋਂ ਸਹੀ ਤਰੀਕੇ ਨਾਲ਼ ਆਵਾਜ਼ ਬੁਲੰਦ ਨਾ ਕਰਨਾ ਇਸ ਦੀ ਤਾਜ਼ਾ ਉਦਾਹਰਣ ਹੈ । ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬੀ ਸਾਹਿਤ ਸਭਾ ਧੂਰੀ ਦੇ ਪ੍ਰਧਾਨ ਮੂਲ ਚੰਦ ਸ਼ਰਮਾ ਨੇ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਭਾ ਦੀ ਮਹੀਨਾਵਾਰ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕੀਤਾ । ਉਨ੍ਹਾਂ ਨੇ ਇਹ ਵੀ ਕਿਹਾ ਕਿ ਭਾਸ਼ਾ ਐਕਟ ਅਨੁਸਾਰ ਪੰਜਾਬ ਸਰਕਾਰ ਨੂੰ ਰਾਜ ਵਿਚਲੇ ਸਰਕਾਰੀ , ਅਰਧ ਸਰਕਾਰੀ , ਪ੍ਰਾਈਵੇਟ ਪਬਲਿਕ ਅਤੇ ਸੀ ਬੀ ਐੱਸ ਜੀ ਜਾਂ ਆਈ ਸੀ ਐੱਸ ਸੀ ਦੇ ਸਕੂਲਾਂ ਵਿੱਚ ਦਸਵੀਂ ਤੱਕ ਪੰਜਾਬੀ ਨੂੰ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਉਂਣ ਨੂੰ ਅਮਲੀ ਰੂਪ ਵਿੱਚ ਲਾਗੂ ਕਰਨਾ ਚਾਹੀਦਾ ਹੈ ਅਤੇ ਮਾਤ ਭਾਸ਼ਾ ਵਿੱਚ ਕੰਮ ਨਾ ਕਰਨ ਵਾਲ਼ੇ ਅਧਿਕਾਰੀਆਂ ਵਿਰੁੱਧ ਐਕਟ ਵਿੱਚ ਸਜ਼ਾ ਦੀ ਧਾਰਾ ਸ਼ਾਮਲ ਕਰਨੀ ਚਾਹੀਦੀ ਹੈ । ਇਸ ਤੋਂ ਉਪਰੰਤ ਗੁਰੂ ਜੀ ਦੇ ਜੀਵਨ ਅਤੇ ਅਦੁੱਤੀ ਸ਼ਹਾਦਤ ਬਾਰੇ ਗਿਆਨ ਸਿੰਘ ਬਾਵਾ ਅਤੇ ਰਾਮ ਚੰਦ ਸ਼ਰਮਾ ਨੇ ਵਿਸਥਾਰ ਸਹਿਤ ਆਪਣੇ ਵਿਚਾਰ ਸਾਂਝੇ ਕੀਤੇ । ਸਮਾਗਮ ਦੀ ਸ਼ੁਰੂਆਤ ਬੀਤੇ ਮਹੀਨੇ ਦੌਰਾਨ ਸਦੀਵੀ ਵਿਛੋੜਾ ਦੇਣ ਵਾਲ਼ੇ ਲੇਖਕਾਂ , ਕਲਾਕਾਰਾਂ ਅਤੇ ਮੈਂਬਰਾਂ ਦੇ ਸਕੇ ਸੰਬੰਧੀਆਂ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ ਕੀਤੀ ਗਈ । ਜਨਵਰੀ ਮਹੀਨੇ ਤੋਂ ਲਗਾਤਾਰ ਚੱਲ ਰਹੇ ਕਵਿਤਾ ਸਿਖਲਾਈ ਸਕੂਲ ਦਾ ਛੇਵਾਂ ਪਾਠ ਪੜ੍ਹਾਉਂਦਿਆਂ ਛੰਦ ਸ਼ਾਸਤਰੀ ਅਧਿਆਪਕ ਜੰਗ ਸਿੰਘ ਫ਼ੱਟੜ ਵੱਲੋਂ ਚਰਨ ਅਤੇ ਸੀਰਸ਼ ਬਿੰਦੀਆਂ ਤੋਂ ਇਲਾਵਾ ਟਿੱਪੀ ਤੇ ਅੱਧਕ ਦੀ ਸਹੀ ਵਰਤੋਂ ਕਰਨ ਬਾਰੇ ਵੀ ਉਦਾਹਰਨਾਂ ਸਹਿਤ ਜਾਣਕਾਰੀ ਦਿੱਤੀ ਗਈ । ਜੂਨ ਮਹੀਨੇ ਵਿੱਚ ਜਨਮੇਂ ਮੈਂਬਰਾਂ ਨੂੰ ਮੁਬਾਰਕਬਾਦ ਦਿੰਦਿਆਂ ਸਨਮਾਨਿਤ ਵੀ ਕੀਤਾ ਗਿਆ । ਅਖ਼ੀਰ ਵਿੱਚ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਵੀ ਦਰਬਾਰ ਵਿੱਚ ਸੰਜੇ ਲਹਿਰੀ , ਬਖਸੀਸ ਸਿੰਘ ਅਲਾਲ, ਮੈਨੇਜਰ ਜਗਦੇਵ ਸ਼ਰਮਾ , ਡਾ. ਪਰਮਜੀਤ ਸਿੰਘ ਦਰਦੀ , ਮਨਜੀਤ ਕੌਰ ਸੰਧੂ , ਗੁਰਜੰਟ ਮੀਮਸਾ , ਜਸਮੀਤ ਸਿੰਘ , ਹਰਬੰਸ ਸਿੰਘ ਬੇਨੜਾ , ਜਸਵੀਰ ਸਿੰਘ ਬੰਘਾਂਵਾਲੀ , ਬਖ਼ਸ਼ੀਸ਼ ਸਿੰਘ ਸਿੱਧੂ , ਬਲਜੀਤ ਸਿੰਘ ਬਾਂਸਲ , ਰਾਜੂ ਨਾਹਰ ਗੀਤਕਾਰ , ਰਾਮ ਲੁਬਾਣੇ ਵਾਲ਼ਾ , ਪਰਮਜੀਤ ਸੰਧੂ , ਸੁਖਦੇਵ ਸ਼ਰਮਾ , ਡਾ. ਹਰਪਾਲ ਸਿੰਘ ਭੜੀ , ਕੁਲਵਿੰਦਰ ਕੌਰ ਕਾਜਲ , ਮੰਨਤ ਢੀਂਡਸਾ , ਸੁੱਖੀ ਮੂਲੋਵਾਲ , ਰਣਜੀਤ ਸਿੰਘ ਧੂਰੀ , ਜੰਗ ਸਿੰਘ ਫ਼ੱਟੜ , ਗੁਰਦਿਆਲ ਨਿਰਮਾਣ ਧੂਰੀ , ਪੇਂਟਰ ਸੁਖਦੇਵ ਸਿੰਘ , ਜਗਤਾਰ ਸਿੰਘ ਸਿੱਧੂ , ਜੀਵਨ ਬੜੀ , ਹਰਜਿੰਦਰ ਸਿੰਘ ਧਾਂਦਰਾ ਅਤੇ ਚਰਨਜੀਤ ਮੀਮਸਾ ਨੇ ਆਪੋ ਆਪਣੀਆਂ ਰਚਨਾਵਾਂ ਭੇਂਟ ਕੀਤੀਆਂ । ਮੰਚ ਸੰਚਾਲਕ ਦੀ ਜ਼ਿੰਮੇਵਾਰੀ ਮਨਪ੍ਰੀਤ ਕੌਰ ਢੀਂਡਸਾ ਨੇ ਬਾਖ਼ੂਬੀ ਨਿਭਾਈ ।

# ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਗਗਰੇਟ ਦੇ ਤਹਿਸੀਲਦਾਰ ਨੂੰ ਸੌਂਪਿਆ ਯਾਦ ਪੱਤਰ

## ਸਿੱਖੀ ਦੀ ਸ਼ਾਨ ਦਸਤਾਰ ਦਾ ਅਪਮਾਨ ਅਤੇ ਕੁੱਟਮਾਰ ਕਰਨ ਵਾਲੇ ਦੋਸ਼ੀਆਂ ਵਿਰੁੱਧ ਕਾਰਵਾਈ ਨਾ ਹੋਈ ਤਾਂ ਹੋਵੇਗਾ ਵੱਡਾ ਪ੍ਰਦਰਸ਼ਨ : ਸਿੰਗੜੀਵਾਲਾ ਬੁੱਲੋਵਾਲਾ



**ਹੁਸ਼ਿਆਰਪੁਰ, 10 ਜੂਨ (ਆਵਾਜ਼ਿ ਕੌਮ ਬਿਊਰੋ )**-" ਹਿਮਾਚਲ ਵਿਚ ਯਾਤਰਾ ਕਰਨ ਗਏ ਸਿੱਖ ਨੌਜ਼ਵਾਨਾਂ ਨਾਲ ਕੁਝ ਸਿਰਫਿਰੇ ਭੂਤਰੇ ਹੋਏ ਹਿਮਾਚਲੀ ਨੌਜ਼ਵਾਨਾਂ ਨੇ ਗੱਡੀ ਵਿਚ ਸਫਰ ਕਰ ਰਹੇ 4 ਸਿੱਖ ਨੌਜਵਾਨਾਂ ਨੂੰ ਘੇਰਕੇ ਬਹੁਤ ਹੀ ਬੇਰਹਿੰਮੀ ਅਤੇ ਗੈਰ ਇਨਸਾਨੀਅਤ ਢੰਗ ਨਾਲ ਕੁੱਟਮਾਰ ਹੀ ਨਹੀ ਕੀਤੀ ਬਲਕਿ ਇਨ੍ਹਾਂ ਸਿੱਖ ਨੌਜਵਾਨਾਂ ਦੀਆਂ ਦਸਤਾਰਾਂ ਦਾ ਅਪਮਾਨ ਵੀ ਕੀਤਾ ਗਿਆ । ਇਥੇ ਇਹ ਵੀ ਵਰਣਨ ਕਰਨਾ ਜਰੂਰੀ ਹੈ ਕਿ 20-25 ਹਿਮਾਚਲੀ ਨੌਜਵਾਨਾਂ ਨੇ ਮਿੱਥਕੇ ਮੰਦਭਾਵਨਾ ਅਧੀਨ ਇਨ੍ਹਾਂ ਸਿੱਖ ਪੰਜਾਬੀ ਨੌਜਵਾਨਾਂ ਤੇ ਹਮਲਾ ਕਰਕੇ ਕੁੱਟਮਾਰ ਕੀਤੀ ਪਰ ਦੁੱਖ ਅਤੇ ਅਫਸੋਸ ਹੈ ਕਿ ਸੰਬੰਧਤ ਕੁੱਲੂ-ਮਨਾਲੀ ਦੇ ਇਲਾਕੇ ਨਾਲ ਸੰਬੰਧਤ ਪੁਲਿਸ ਅਫਸਰਾਨ ਅਤੇ ਸਰਕਾਰ ਵੱਲੋ ਜਿਨ੍ਹਾਂ ਸਿੱਖ ਨੌਜਵਾਨਾਂ ਉਤੇ ਜ਼ਬਰ ਹੋਇਆ ਹੈ, ਉਨ੍ਹਾਂ ਜਬਰ ਕਰਨ ਵਾਲੇ ਨੌਜਵਾਨਾਂ ਨੂੰ ਗ੍ਰਿਫਤਾਰ ਕਰਨ ਜਾਂ ਉਨ੍ਹਾਂ ਵਿਰੁੱਧ ਕੇਸ ਦਰਜ ਕਰਨ ਦੀ ਬਜਾਇ ਪੀੜ੍ਹਤਾਂ ਉਤੇ ਹੀ ਕੇਸ ਦਰਜ ਕਰਕੇ ਗ੍ਰਿਫਤਾਰ ਕਰਨ ਦੀ ਕਾਰਵਾਈ ਪ੍ਰਤੱਖ ਕਰਦੀ ਹੈ ਕਿ ਅਜਿਹੇ ਅਮਲ ਸਰਕਾਰਾਂ ਅਤੇ ਪੁਲਿਸ ਵੱਲੋ ਮੁਤੱਸਵੀ ਸੋਚ ਅਧੀਨ ਬੇਇਨਸਾਫ਼ੀ ਕੀਤੀ ਜਾ ਰਹੀ ਹੈ ਜਿਸ ਵਿਰੁੱਧ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਸੁੱਖੂ ਸਰਕਾਰ ਅਤੇ ਡੀਜੀਪੀ ਹਿਮਾਚਲ ਨੂੰ ਗੰਭੀਰਤਾ ਪੂਰਵਕ ਖਬਰਦਾਰ ਕਰਦਾ ਹੈ ਕਿ ਸਿੱਖ ਨੌਜਵਾਨਾਂ ਤੇ ਜ਼ਬਰ-ਜੁਲਮ ਢਾਹੁਣ ਵਾਲੇ ਵਿਰੁੱਧ ਕਾਨੂੰਨੀ ਕਾਰਵਾਈ ਕਰਵਾਉਣ ਲਈ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਸੰਦੀਪ ਸਿੰਘ ਖਾਲਸਾ ਟਾਂਡਾ,ਗੁਰਦੀਪ ਸਿੰਘ ਖੁਣਖੁਣ, ਨੋਵਲਜੀਤ ਸਿੰਘ ਬੁੱਲੋਵਾਲ, ਗੁਰਨਾਮ ਸਿੰਘ ਸਿੰਗੜੀਵਾਲਾ, ਨਿਹੰਗ ਸੁਰਜਨ ਸਿੰਘ ਦੀ ਅਗਵਾਈ ਹੇਠ ਇੱਕ ਜਥਾ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਹੁਸ਼ਿਆਰਪੁਰ ਤੋਂ ਰਵਾਨਾ ਹੋ ਕੇ ਪੰਜਾਬ ਹਿਮਾਚਲ ਬਾਰਡਰ ਜਾ ਕੇ ਇੱਕ ਯਾਦ ਪੱਤਰ ਗਗਰੇਟ ਦੇ ਤਹਿਸੀਲਦਾਰ ਕੁਲਤਾਜ ਸਿੰਘ ਨੂੰ ਸੌਂਪਿਆ ਇਸ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਗੁਰਨਾਮ ਸਿੰਘ ਸਿੰਗੜੀਵਾਲਾ ਨੇ ਕਿਹਾ ਕਿ ਕੁੱਟਮਾਰ ਦੇ ਸ਼ਿਕਾਰ ਹੋਏ ਸਿੱਖ ਨੌਜਵਾਨਾਂ ਵਿਰੁੱਧ ਹੀ ਹਿਮਾਚਲ ਦੀ ਸੁੱਖੂ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਬੇਇਨਸਾਫੀ ਕਰਦਿਆਂ ਪਰਚਾ ਦਰਜ ਕਰਕੇ ਜੇਲ ਵਿੱਚ ਡੱਕ ਦਿੱਤਾ ਜੋ ਕਿ ਬਹੁਤ ਮੰਦਭਾਗੀ ਗੱਲ ਹੈ ਉਹਨਾਂ ਕਿਹਾ ਕਿ ਜੇਕਰ ਕੁੱਟਮਾਰ ਅਤੇ ਦਸਤਾਰ ਦੀ ਬੇਅਦਬੀ ਕਰਨ ਵਾਲਿਆਂ ਖਿਲਾਫ ਪਰਚਾ ਦਰਜ ਨਾ ਕੀਤਾ ਜਲਦ ਹੀ ਵੱਡਾ ਪ੍ਰਦਰਸ਼ਨ ਕੀਤਾ ਜਾਵੇਗਾ ਇਸ ਸਮੇਂ ਨੋਬਲਜੀਤ ਸਿੰਘ ਬੁੱਲੋਵਾਲ, ਸੰਦੀਪ ਸਿੰਘ ਖਾਲਸਾ ਟਾਂਡਾ ਤੇ ਹਰਵਿੰਦਰ ਸਿੰਘ ਹੀਰਾ ਨੇ ਹਿਮਾਚਲ ਦੀ ਸੁੱਖੂ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਦਸਤਾਰ ਸਿੱਖੀ ਦੀ ਸ਼ਾਨ ਹੈ ਉਸ ਦੀ ਬੇਅਦਬੀ ਕਰਨ ਵਾਲੇ ਦੋਸ਼ੀਆਂ ਖਿਲਾਫ ਕਾਰਵਾਈ ਨਾ ਹੋਈ ਤਾਂ ਇਸ ਦਾ ਸਖਤ ਵਿਰੋਧ ਕੀਤਾ ਜਾਵੇਗਾ ਅਤੇ ਹਿਮਾਚਲ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਨੂੰ ਕਾਨੂੰਨੀ ਕਾਰਵਾਈ ਲਈ ਪਾਬੰਦ ਕੀਤਾ ਜਾਵੇਗਾ ਇਸ ਸਮੇਂ ਉਹਨਾਂ ਨੇ ਉਮੀਦ ਪ੍ਰਗਟ ਕੀਤੀ ਕਿ ਉਪਰੋਕਤ ਕੁੱਟਮਾਰ ਦੇ ਗੰਭੀਰ ਵਿਸੇ ਉਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਹਿਮਾਚਲ ਸਰਕਾਰ ਅਤੇ ਡੀਜੀਪੀ ਹਿਮਾਚਲ ਨਾਲ ਸੰਪਰਕ ਕਰਕੇ ਪੰਜਾਬੀ ਸਿੱਖ ਨੌਜਵਾਨਾਂ ਉਤੇ ਹੋਏ ਤਸੱਦਦ ਦਾ ਇਨਸਾਫ਼ ਦਿਵਾਉਣ ਲਈ ਆਪਣੀ ਜਿੰਮੇਵਾਰੀ ਨੂੰ ਪੂਰਨ ਕਰੇਗੀ । ਇਸ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਗੁਰਨਾਮ ਸਿੰਘ ਸਿੰਗੜੀਵਾਲਾ ਨੇ ਕਿਹਾ ਕਿ ਕੁੱਟਮਾਰ ਦੇ ਸ਼ਿਕਾਰ ਹੋਏ ਸਿੱਖ ਨੌਜਵਾਨਾਂ ਵਿਰੁੱਧ ਹੀ ਹਿਮਾਚਲ ਦੀ ਸੁੱਖੂ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਬੇਇਨਸਾਫੀ ਕਰਦਿਆਂ ਪਰਚਾ ਦਰਜ ਕਰਕੇ ਜੇਲ ਵਿੱਚ ਡੱਕ ਦਿੱਤਾ ਜੋ ਕਿ ਬਹੁਤ ਮੰਦਭਾਗੀ ਗੱਲ ਹੈ ਉਹਨਾਂ ਕਿਹਾ ਕਿ ਜੇਕਰ ਕੁੱਟਮਾਰ ਅਤੇ ਦਸਤਾਰ ਦੀ ਬੇਅਦਬੀ ਕਰਨ ਵਾਲਿਆਂ ਖਿਲਾਫ ਪਰਚਾ ਦਰਜ ਨਾ ਕੀਤਾ ਜਲਦ ਹੀ ਵੱਡਾ ਪ੍ਰਦਰਸ਼ਨ ਕੀਤਾ ਜਾਵੇਗਾ ਇਸ ਸਮੇਂ ਨੋਬਲਜੀਤ ਸਿੰਘ ਬੁੱਲੋਵਾਲ, ਸੰਦੀਪ ਸਿੰਘ ਖਾਲਸਾ ਟਾਂਡਾ ਤੇ ਹਰਵਿੰਦਰ ਸਿੰਘ ਹੀਰਾ ਨੇ ਹਿਮਾਚਲ ਦੀ ਸੁੱਖੂ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਦਸਤਾਰ ਸਿੱਖੀ ਦੀ ਸ਼ਾਨ ਹੈ ਉਸ ਦੀ ਬੇਅਦਬੀ ਕਰਨ ਵਾਲੇ ਦੋਸ਼ੀਆਂ ਖਿਲਾਫ ਕਾਰਵਾਈ ਨਾ ਹੋਈ ਤਾਂ ਇਸ ਦਾ ਸਖਤ ਵਿਰੋਧ ਕੀਤਾ ਜਾਵੇਗਾ ਪੰਜਾਬੀਆਂ ਦੇ ਹੱਕ ਹਕੂਕਾ ਦੀ ਰੱਖਿਆ ਕਰੇਗੀ ਇਸ ਸਮੇਂ ਰਕੇਸ਼ ਕੁਮਾਰ ਐਸ ਐਚ ਓ ਗਗਰੇਟ ਆਪਣੀ ਪੁਲਿਸ ਪਾਰਟੀ ਸਮੇਤ ਹਾਜ਼ਰ ਸਨ ਇਸਮੇਂ ਪਰਮਜੀਤ ਸਿੰਘ ਮਿੱਟੂ, ਅਮਨਦੀਪ ਸਿੰਘ ਸਨੀ, ਹਰਮਨਜੋਤ ਸਿੰਘ, ਬੂਟਾ ਸਿੰਘ ਸਿੰਗੜੀਵਾਲਾ, ਅਮਰਜੀਤ ਸਿੰਘ ਗੋਕਲ ਨਗਰ, ਗੁਰਜੀਤ ਸਿੰਘ ਪ੍ਰਿੰਸ, ਗੌਰਵ ਮੱਲ, ਵੀਰ ਸਿੰਘ ਬੋਲੋਵਾਲ, ਪਾਰਸ, ਜਸਰਾਜ ਸਿੰਘ ਆਦਿ ਹਾਜ਼ਰ ਸਨ।

# ਔਰਤਾਂ ਦੀ ਉੱਚ ਜੋਖਮ ਗਰਭ ਅਵਸਥਾ ਵਿੱਚ ਵਿਸ਼ੇਸ਼ ਧਿਆਨ ਲਈ ਸਰਕਾਰ ਵਚਨਬੱਧ- ਡਾ: ਰਵੀਕਾਂਤ ਗੁਪਤਾ




**ਤਲਵੰਡੀ ਸਾਬੋ, 10 ਜੂਨ (ਗੁਰਜੰਟ ਸਿੰਘ ਨਥੇਹਾ)**- ਪ੍ਰਧਾਨ ਮੰਤਰੀ ਸੁਰੱਖਿਅਤ ਮਾਤਰਤਵ ਯੋਜਨਾ ਦੇ 10 ਸਾਲ ਪੂਰੇ ਹੋਣ 'ਤੇ ਸਿਹਤ ਵਿਭਾਗ ਵੱਲੋਂ ਵਿਸੇਸ਼ ਪ੍ਰੋਗਰਾਮ ਕਰਵਾਏ ਗਏ। ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੀਆਂ ਹਦਾਇਤਾਂ ਤਹਿਤ ਬਲਾਕ ਪੱਧਰ ਦਾ ਪ੍ਰੋਗਰਾਮ ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਦੇ ਜੱਚਾ-ਬੱਚਾ ਵਿੰਗ ਵਿੱਚ ਕਰਵਾਇਆ ਗਿਆ। ਜਿਸ ਨੂੰ ਸੰਬੋਧਨ ਕਰਦਿਆਂ ਐਸ.ਐਮ.ਓ. ਡਾ. ਰਵੀ ਕਾਂਤ ਗੁਪਤਾ ਨੇ ਕਿਹਾ ਕਿ ਗਰਭ ਅਵਸਥਾ ਦੌਰਾਨ ਹਾਈ ਰਿਸਕ ਗਰਭਵਤੀ ਔਰਤ ਦਾ ਵਿਸੇਸ਼ ਧਿਆਨ ਰੱਖਣਾ ਜਰੂਰੀ ਹੁੰਦਾ ਹੈ। ਉਨ੍ਹਾਂ ਕਿਹਾ ਕਿ ਗਰਭ ਅਵਸਥਾ ਦੌਰਾਨ ਸ਼ੂਗਰ, ਬੀ ਪੀ, ਖ਼ੂਨ ਦੀ ਕਮੀ ਅਤੇ ਹੋਰ ਬਹੁਤ ਕਾਰਨਾਂ ਕਰਕੇ ਗਰਭਵਤੀ ਨੂੰ ਬਤੌਰ ਹਾਈ ਰਿਸਕ ਗਰਭਵਤੀ ਪਛਾਣ ਕਰਕੇ ਲੋੜੀਂਦੇ ਇਲਾਜ ਅਤੇ ਸਮੇਂ-ਸਮੇਂ 'ਤੇ ਮਾਹਰ ਡਾਕਟਰਾਂ ਕੋਲ ਜਾਂਚ ਯਕੀਨੀ ਬਣਾਈ ਜਾਂਦੀ ਹੈ। ਦਵਾਈਆਂ ਦੇ ਨਾਲ-ਨਾਲ ਚੰਗੀ ਖੁਰਾਕ ਖਾਣੀ ਜਰੂਰੀ ਹੁੰਦੀ ਹੈ। ਉਨ੍ਹਾਂ ਔਰਤਾਂ ਨੂੰ ਇਹ ਵੀ ਅਪੀਲ ਕੀਤੀ ਕਿ ਲੜਕਾ-ਲੜਕੀ ਦਾ ਫਰਕ ਵੀ ਖਤਮ ਕਰਨਾ ਜਰੂਰੀ ਹੈ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਹਰ ਮਹੀਨੇ ਦੀ 9 ਅਤੇ 23 ਤਰੀਕ ਨੂੰ ਉੱਚ ਜੋਖਮ ਵਾਲੀ ਗਰਭਵਤੀ ਔਰਤਾਂ ਦੀ ਵਿਸੇਸ਼ ਜਾਂਚ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਇਹ ਦਿਨ ਨਿਰਧਾਰਤ ਕਰਨ ਦਾ ਮਕਸਦ ਇਹ ਹੈ ਕਿ ਗਰਭਵਤੀ ਔਰਤਾਂ ਦੀ ਨਿਰੰਤਰ ਜਾਂਚ ਹੋ ਸਕੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਪਾਰੁਲ ਮੈਦਾਨ, ਸ੍ਰੀਮਤੀ ਕਮਲਜੀਤ ਕੌਰ ਮਪਹਸ, ਸ੍ਰੀਮਤੀ ਸੁਖਦੇਵ ਕੌਰ ਆਸ਼ਾ ਫਸਿਲਿਟੇਟਰ, ਅਤੇ ਹੋਰ ਸਟਾਫ਼ ਹਾਜਰ ਸਨ।

# ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਚ ਮਨਪ੍ਰੀਤ ਸਿੰਘ ਇਆਲੀ ਦਾ ਸਾਮਲ ਹੋਣਾ ਪੰਜਾਬ ਤੇ ਪੰਜਾਬ ਦੀ ਨੌਜਵਾਨੀ ਪ੍ਰਤੀ ਸੁਹਿਰਦ ਤੇ ਇਮਾਨਦਾਰ ਭਾਵਨਾ ਦਾ ਵੱਡਾ ਸਬੂਤ ਰਿਆੜ



**ਜੰਡਿਆਲਾ ਗੁਰੂ, 10 ਜੂਨ ( ਕੁਲਵੰਤ ਸਿੰਘ ਵਿਰਦੀ )**-ਸ੍ਰ: ਮਨਪ੍ਰੀਤ ਸਿੰਘ ਇਆਲੀ ਵੱਲੋ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਨਾਲ ਜੁੜਨ ਦਾ ਲਿਆ ਗਿਆ ਫੈਂਸਲਾ ਉਨ੍ਹਾਂ ਦਾ ਪੰਜਾਬ ਅਤੇ ਪੰਜਾਬ ਦੀ ਨੌਜਵਾਨੀ ਪ੍ਰਤੀ ਇੱਕ ਸੁਹਿਰਦ ਅਤੇ ਇਮਾਨਦਾਰ ਭਾਵਨਾ ਦਾ ਵੱਡਾ ਸਬੂਤ ਹੈ ਇਨਾਂ ਸਬਦਾਂ ਦਾ ਪ੍ਰਗਟਾਵਾ ਕਰਦਿਆ ਹੋਇਆ ਭਾਈ ਜਸਕਰਨ ਸਿੰਘ ਰਿਆੜ ਨੇ ਅੱਗੇ ਕਿਹਾ ਕਿ ਪੰਜਾਬ ਵਿੱਚ ਜਨਮ ਲੈਣ ਵਾਲੇ ਹਰ ਬਸ਼ਿੰਦੇ ਦਾ ਫਰਜ਼ ਹੈ ਕਿ ਉਹ ਆਪਣੀ ਜ਼ਮੀਨ ਆਪਣੀ ਹੋਂਦ ਆਪਣੇ ਪੰਥ ਅਤੇ ਆਪਣੇ ਲੋਕਾਂ ਦੇ ਪੱਖ ਵਿੱਚ ਆਪਣੇ ਨਿੱਜੀ ਫਾਇਦਿਆਂ ਨੂੰ ਪਾਸੇ ਕਰਕੇ ਖੜੇ। ਦਿੱਲੀ ਤੋਂ ਚਲਦੀਆਂ ਪਾਰਟੀਆਂ ਜਾਂ ਦਿੱਲੀ ਨਾਮ ਚੱਲਦੀਆਂ ਪਾਰਟੀਆਂ ਕਦੇ ਵੀ ਪੰਜਾਬ ਪ੍ਰਤੀ ਚੰਗੀ ਨੀਅਤ ਨਹੀਂ ਰੱਖਦੀਆਂ,ਪੰਜਾਬ ਵਿੱਚ ਚਿੱਟੇ ਵਰਗੇ ਨਸ਼ੇ ਅਤੇ ਨੌਜਵਾਨਾਂ ਦੇ ਹੱਥਾਂ ਤੱਕ ਪਹੁੰਚੇ ਨਜ਼ਾਇਜ ਹਥਿਆਰ ਕਿਤੇ ਨਾ ਕਿਤੇ ਪੰਜਾਬ ਵਿੱਚ ਵੱਸਦੇ ਪੰਜਾਬੀਆਂ ਨੂੰ ਖਤਮ ਕਰਨ ਦੀ ਸਾਜਿਸ਼ ਦਾ ਹਿੱਸਾ ਹਨ ।ਏਸੇ ਹਲਾਤਾਂ ਵਿੱਚ ਪੰਜਾਬ ਨੂੰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜਿਹੇ ਲੀਡਰ ਦੀ ਲੋੜ ਹੈ ਜੋ ਪੰਜਾਬ ਦੀ ਨੌਜਵਾਨੀ ਨੂੰ ਇਸ ਦਲਦਲ ਵਿੱਚੋਂ ਕੱਢਣ ਦੀ ਕੋਸ਼ਿਸ਼ ਵਿੱਚ ਹੈ ਤੇ ਹਰ ਨੌਜਵਾਨ ਨੂੰ ਆਪਣਾ ਸਮਝ ਕੇ ਗਲ਼ ਲਾ ਕੇ ਗੁਰੂ ਨਾਲ ਅਤੇ ਆਪਣੇ ਮੂਲ਼ ਨਾਲ ਜੋੜਨ ਦੀ ਕਾਬਲੀਅਤ ਅਤੇ ਸਮਰੱਥਾ ਰੱਖਦਾ ਹੈ। ਮਨਪ੍ਰੀਤ ਸਿੰਘ ਇਆਲੀ ਵੱਲੋਂ ਲਿਆ ਇਹ ਫੈਂਸਲਾ ਜਿੱਥੇ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਨੂੰ ਮਜ਼ਬੂਤ ਕਰੇਗਾ ਉੱਥੇ ਪੰਜਾਬ ਦੇ ਲੋਕਾਂ ਵਿੱਚ ਇਆਲੀ ਸਾਬ ਦੀ ਛਵੀ ਨੂੰ ਹੋਰ ਪੁੱਖਤਾ ਕਰਦਿਆਂ ਪੰਜਾਬ ਨਾਲ ਖੜਨ ਅਤੇ ਪੰਜਾਬ ਲਈ ਲੜਨ ਵਾਲੇ ਲੀਡਰਾਂ ਵਿੱਚ ਉਨ੍ਹਾਂ ਦਾ ਸ਼ੁਮਾਰ ਕਰੇਗਾ ।ਪ੍ਰੈਸ ਨੋਟ ਰਾਹੀਂ ਉਹਨਾਂ ਸੰਦੇਸ਼ ਲਗਾਇਆ ਕਿ ਆਪਾਂ ਆਓ ਸਾਰੇ ਰਲ ਮਿਲ ਕੇ ਵਾਰਸ ਪੰਜਾਬ ਜਥੇਬੰਦੀ ਨੂੰ ਮਜਬੂਤ ਕਰੀਏ ਅਤੇ ਆਪਣੇ ਪੰਜਾਬ ਲਈ ਖੜੀਏ ਅਤੇ ਆਪਣੇ ਹੱਕਾਂ ਲਈ ਲੜੀਏ,।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243